


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ


# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਮੰਗਲਵਾਰ, 24 ਫਰਵਰੀ 2025

Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 251 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111




## ਯੂਕਰੇਨ ਜੰਗ ਦੀ ਤੀਜੀ ਵਰ੍ਹੇਗੰਢ ਮੌਕੇ ਕੀਵ ਪੁੱਜੇ ਯੂਰਪੀ ਤੇ ਕੈਨੇਡੀਅਨ ਆਗੂ



ਕੀਵ, ਲੋਕ ਬਾਣੀ- ਯੂਰਪ ਅਤੇ ਕੈਨੇਡਾ ਦੇ ਇੱਕ ਦਰਜਨ ਆਗੂ ਯੂਕਰੇਨ ਉਤੇ ਰੂਸ ਦੇ ਹਮਲੇ ਦੀ ਤੀਜੀ ਵਰ੍ਹੇਗੰਢ ਮਨਾਉਣ ਲਈ ਸੋਮਵਾਰ ਸਵੇਰੇ ਰੇਲ ਗੱਡੀ ਰਾਹੀਂ ਯੂਕਰੇਨ ਦੀ ਰਾਜਧਾਨੀ ਕੀਵ ਪਹੁੰਚੇ।

ਇਨ੍ਹਾਂ ਦਾ ਯੂਕਰੇਨ ਦੇ ਵਿਦੇਸ਼ ਮੰਤਰੀ ਆਂਦਰੀ ਸਿਬੀਹ) ਅਤੇ ਮੁਲਕ ਦੇ ਰਾਸ਼ਟਰਪਤੀ ਦੇ ਚੀਫ਼ ਆਫ਼ ਸਟਾਫ਼ ਆਂਦਰੀ ਯੇਰਮਾਕ ਨੇ ਸਟੇਸ਼ਨ 'ਤੇ ਸਵਾਗਤ ਕੀਤਾ।

## ਟਰੰਪ ਪ੍ਰਸ਼ਾਸਨ USAID ਵੱਲੋਂ 1600 ਕਰਮਚਾਰੀਆਂ ਨੂੰ ਨੌਕਰੀ ਤੋਂ ਕੱਢਿਆ ਅਤੇ ਬਾਕੀਆਂ ਨੂੰ ਛੁੱਟੀ 'ਤੇ ਭੇਜਿਆ



ਵਾਸ਼ਿੰਗਟਨ, ਲੋਕ ਬਾਣੀ- ਟਰੰਪ ਪ੍ਰਸ਼ਾਸਨ ਨੇ ਐਤਵਾਰ ਨੂੰ ਕਿਹਾ ਕਿ ਉਹ ਯੂਐੱਸ ਏਜੰਸੀ ਫਾਰ ਇੰਟਰਨੈਸ਼ਨਲ ਡਿਵੈਲਪਮੈਂਟ ਦੇ ਸਟਾਫ ਦੇ ਇੱਕ ਹਿੱਸੇ ਨੂੰ ਛੱਡ ਕੇ ਬਾਕੀ ਸਾਰੇ ਦੁਨੀਆ ਭਰ ਦੇ ਕਰਮਚਾਰੀਆਂ ਨੂੰ ਵਿੱਚ ਛੁੱਟੀ 'ਤੇ ਭੇਜ ਰਿਹਾ ਹੈ ਅਤੇ 1600 ਯੂਐੱਸ-ਅਧਾਰਤ ਸਟਾਫ ਦੀਆਂ ਅਸਾਮੀਆਂ ਨੂੰ ਖਤਮ ਕਰ ਰਿਹਾ ਹੈ। ਰਾਸ਼ਟਰਪਤੀ ਡੋਨਲਡ ਟਰੰਪ ਅਤੇ ਸਹਿਯੋਗੀ ਐਲਨ ਮਸਕ ਦਾ ਕਹਿਣਾ ਹੈ ਕਿ ਫੈਡਰਲ ਸਰਕਾਰ ਦੇ ਆਕਾਰ ਨੂੰ ਘਟਾਉਣ ਲਈ ਵਿਆਪਕ ਮੁਹਿੰਮ ਵਿੱਚ ਛੇ ਦਹਾਕੇ ਪੁਰਾਣੀ ਸਹਾਇਤਾ ਅਤੇ ਵਿਕਾਸ ਏਜੰਸੀ ਨੂੰ ਖਤਮ ਕਰਨ ਦੇ ਉਨ੍ਹਾਂ ਦੇ ਟੀਚੇ ਲਈ ਵੱਡਾ ਕਦਮ ਹੈ।

## ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦੀ ਮੌਤ; ਇੱਕ ਜ਼ਖ਼ਮੀ



ਫਤਹਿਗੜ੍ਹ ਸਾਹਿਬ, ਲੋਕ ਬਾਣੀ- ਆਮ-ਖਾਸ ਬਾਗ ਸਰਹਿੰਦ ਨੇੜੇ ਇੱਕ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਅਤੇ ਇੱਕ ਦੇ ਗੰਭੀਰ ਹੋਣ ਦੀ ਸੂਚਨਾ ਮਿਲੀ ਹੈ। ਥਾਣਾ ਫਤਹਿਗੜ੍ਹ ਸਾਹਿਬ ਦੇ ਸਹਾਇਕ ਥਾਣੇਦਾਰ ਲਖਬੀਰ ਸਿੰਘ ਨੇ ਦੱਸਿਆ ਕਿ ਕੁਲਵਿੰਦਰ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਪਿੰਡ ਅਨਾਇਤਪੁਰਾ ਨੇ ਪੁਲੀਸ ਕੋਲ ਸ਼ਿਕਾਇਤ ਕੀਤੀ ਕਿ ਉਹ ਸਕੂਲ ਦੀ ਬੱਸ ਚਲਾਉਂਦਾ ਹੈ। ਬੀਤੇ ਦਿਨ ਸ਼ਾਮ ਨੂੰ ਜਦੋਂ ਉਹ ਪਿੰਡ ਅਨਾਇਤਪੁਰਾ ਜਾ ਰਿਹਾ ਸੀ ਉਸ ਦੇ ਅੱਗੇ ਉਸਦੇ ਚਾਚੇ ਦਾ ਲੜਕਾ ਜਤਿੰਦਰ ਸਿੰਘ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ

## ਬੀਐੱਸਐੱਫ ਵਲੋਂ ਪੰਜਾਬ ਤੇ ਜੰਮੂ ਵਿੱਚ ਪਾਕਿ ਸਰਹੱਦ ਨਾਲ ਲੱਗਦੀਆਂ ਇਕਾਈਆਂ ਵਿੱਚ ਹੋਰ ਫੌਜੀ ਤਾਇਨਾਤ



ਨਵੀਂ ਦਿੱਲੀ, ਲੋਕ ਬਾਣੀ- ਬੀਐੱਸਐਫ ਨੇ ਘੁਸਪੈਠ ਵਿਰੋਧੀ ਗਰਿੱਡ ਨੂੰ ਮਜ਼ਬੂਤ ਕਰਨ ਅਤੇ ਡਰੋਨਾਂ ਜ਼ਰੀਏ ਗੋਲਾ ਬਾਰੂਦ ਜਾਂ ਨਸ਼ੀਲੇ ਪਦਾਰਥਾਂ ਦੀ ਘੁਸਪੈਠ ਨੂੰ ਰੋਕਣ ਦੇ ਆਪਣੇ ਉਪਰਾਲਿਆਂ ਦੀ ਕੜੀ ਵਿਚ ਪੰਜਾਬ ਅਤੇ ਜੰਮੂ ਵਿੱਚ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੀਆਂ ਚੌਕੀਆਂ 'ਤੇ ਵਾਧੂ ਮਨੁੱਖੀ ਸ਼ਕਤੀ ਦੀ ਲਾਮਬੰਦੀ ਦੇ ਹੁਕਮ ਦਿੱਤੇ ਹਨ।

ਸੂਤਰਾਂ ਨੇ ਖਬਰ ਏਜੰਸੀ ਨੂੰ ਦੱਸਿਆ ਕਿ ਚੰਡੀਗੜ੍ਹ ਸਥਿਤ ਬੀਐੱਸਐੱਫ ਦੀ ਪੱਛਮੀ ਕਮਾਂਡ ਨੇ ਇਨ੍ਹਾਂ ਦੋਵਾਂ ਖੇਤਰਾਂ ਵਿੱਚ ਮੋਰਚਿਆਂ ਦੇ ਨਾਲ-ਨਾਲ ਨੌਂ 'ਰਣਨੀਤਕ' ਹੈੱਡਕੁਆਰਟਰ ਸਥਾਪਤ ਕਰਨ ਦੇ ਹੁਕਮ ਵੀ ਦਿੱਤੇ ਹਨ,

## ਨਸ਼ੀਲੀਆਂ ਗੋਲੀਆਂ ਸਣੇ ਔਰਤ ਕਾਬੂ




ਸਮਾਣਾ, ਲੋਕ ਬਾਣੀ ਸੀਆਈਏ ਸਟਾਫ ਸਮਾਣਾ ਦੀ ਟੀਮ ਨੇ ਇੱਕ ਔਰਤ ਨੂੰ 500 ਨਸ਼ੀਲੀਆਂ ਗੋਲੀਆਂ ਸਣੇ ਕਾਬੂ ਕਰ ਕੇ ਉਸ ਖ਼ਿਲਾਫ਼ ਥਾਣਾ ਸਿਟੀ ਵਿੱਚ ਕੇਸ ਦਰਜ ਕੀਤਾ ਹੈ। ਮੁਲਜ਼ਮ ਔਰਤ ਦੀ ਪਛਾਣ ਗੁਰਮੀਤ ਕੌਰ ਵਾਸੀ ਪਿੰਡ ਮੁਰਾਦਪੁਰਾ ਵਜੋਂ ਹੋਈ। ਸਬ-ਇੰਸਪੈਕਟਰ ਜਸਪਾਲ ਸਿੰਘ ਨੇ ਦੱਸਿਆ ਕਿ ਉਹ ਪੁਲੀਸ ਪਾਰਟੀ ਸਣੇ ਪਿੰਡ ਕੁਤਬਨਪੁਰ ਮੌਜੂਦ ਸਨ। ਇਸੇ ਦੌਰਾਨ ਕੁਤਬਨਪੁਰ ਵੱਲੋਂ ਪੈਦਲ ਆ ਰਹੀ ਇੱਕ ਔਰਤ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲੋਂ 500 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲੀਸ ਅਨੁਸਾਰ ਮੁਲਜ਼ਮ ਔਰਤ ਖ਼ਿਲਾਫ਼ ਕੇਸ ਦਰਜ ਕਰਕੇ ਅੱਜ ਅਦਾਲਤ ਵਿੱਚ ਪੇਸ਼ ਕੀਤਾ ਗਿਆ।

## ਡੀਸੀ ਵੱਲੋਂ ਸਬ ਰਜਿਸਟਰਾਰ ਦਫ਼ਤਰ ਦੀ ਚੈਕਿੰਗ



ਜਲੰਧਰ, ਲੋਕ ਬਾਣੀ- ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੋਧੀ ਵਿੱਢੀ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਜ਼ਮੀਨ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਜਾਇਜ਼ਾ ਲੈਣ ਅਤੇ ਨਿਰਵਿਘਨ ਪ੍ਰਾਪਰਟੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਸਬ ਰਜਿਸਟਰਾਰ ਦਫ਼ਤਰ ਜਲੰਧਰ ਦਾ ਨਿਰੀਖਣ ਕੀਤਾ ਗਿਆ। ਇਸ ਤੋਂ ਇਲਾਵਾ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ 'ਤੇ ਐੱਸ.ਡੀ.ਐੱਮਜ਼. ਵੱਲੋਂ ਵੀ ਸਬੰਧਿਤ ਤਹਿਸੀਲਾਂ ਦੀ ਚੈਕਿੰਗ ਕੀਤੀ ਗਈ। ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਖਿਲਾਫ਼ ਜ਼ੀਰੋ ਟੋਲਰੈਂਸ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਸਬ ਰਜਿਸਟਰਾਰਾਂ ਨੂੰ ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਿਤ ਮਾਮਲਿਆਂ ਵਿੱਚ ਪੂਰੀ ਪਾਰਦਰਸ਼ਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

## ਭ੍ਰਿਸ਼ਟਾਚਾਰ ਮਾਮਲੇ ਵਿੱਚ ਪੁਲੀਸ ਕਾਂਸਟੇਬਲ ਗ੍ਰਿਫ਼ਤਾਰ



ਅੰਮ੍ਰਿਤਸਰ, ਲੋਕ ਬਾਣੀ- ਭ੍ਰਿਸ਼ਟਾਚਾਰ ਮਾਮਲੇ ਵਿੱਚ ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਪੁਲੀਸ ਮੁਲਾਜ਼ਮ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਸ ਨੂੰ ਨੌਕਰੀ ਤੋਂ ਬਰਖਾਸਤ ਕਰਨ ਦੀ ਕਾਰਵਾਈ ਆਰੰਭ ਦਿੱਤੀ ਹੈ। ਮੁਲਜ਼ਮ ਦੀ ਸ਼ਨਾਖਤ ਕਾਂਸਟੇਬਲ ਵਰਿੰਦਰ ਸਿੰਘ ਵਾਸੀ ਪਿੰਡ ਧਿਆਨਪੁਰ ਵਜੋਂ ਹੋਈ ਹੈ। ਉਹ ਇਸ ਵੇਲੇ ਥਾਣਾ ਸੀ ਡਿਵੀਜ਼ਨ ਵਿੱਚ ਤਾਇਨਾਤ ਸੀ। ਪੁਲੀਸ ਨੇ ਉਸ ਖ਼ਿਲਾਫ਼ ਭ੍ਰਿਸ਼ਟਾਚਾਰ ਐਕਟ ਤਹਿਤ ਕੇਸ ਦਰਜ ਕਰ ਕੇ ਗ੍ਰਿਫ਼ਤਾਰ ਕੀਤਾ ਹੈ।

## 417 ਗ੍ਰਾਮ ਹੈਰੋਇਨ ਸਮੇਤ ਕਾਬੂ



ਅੰਮ੍ਰਿਤਸਰ: ਲੋਕ ਬਾਣੀ --ਪੁਲੀਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਕੇ ਉਸ ਕੋਲੋਂ 417 ਗ੍ਰਾਮ ਹੈਰੋਇਨ, 22000 ਰੁਪਏ ਡਰੱਗ ਮਨੀ ਅਤੇ ਕਾਰ ਬਰਾਮਦ ਕੀਤੀ ਹੈ। ਇਸ ਸਬੰਧੀ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਸ਼ਨਾਖਤ ਰੋਹਿਤ ਕੁਮਾਰ ਉਰਫ ਲੋਬੀ ਵਾਸੀ ਘਾਹ ਮੰਡੀ ਵਜੋਂ ਹੋਈ ਹੈ। ਪੁਲੀਸ ਨੇ ਇਸ ਸਬੰਧੀ ਥਾਣਾ ਏ ਡਿਵੀਜ਼ਨ ਵਿੱਚ ਕੇਸ ਦਰਜ ਕੀਤਾ ਹੈ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਪੁਲੀਸ ਨੇ ਪੁਖਤਾ ਸੂਚਨਾ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਪੁਰਾਣੀ ਸਬਜ਼ੀ ਮੰਡੀ ਦੇ ਇਲਾਕੇ ਵਿੱਚੋਂ ਰੋਹਿਤ ਕੁਮਾਰ ਨੂੰ ਕਾਰ ਸਮੇਤ ਕਾਬੂ ਕੀਤਾ ਹੈ ਅਤੇ ਉਸ ਕੋਲੋਂ 417 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ 22, 400 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ। ਪੁਲੀਸ ਉਸਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁੱਛਗਿੱਛ ਵਾਸਤੇ ਰਿਮਾਂਡ ਹਾਸਲ ਕਰੇਗੀ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਪੰਜਾਬ ਹਰਿਆਣਾ ਹਾਈਕੋਰਟ ਨੇ ਈਟੀਟੀ ਅਧਿਆਪਕਾ ਦੇ ਹੱਕ 'ਚ ਸੁਣਾਇਆ ਵੱਡਾ ਫ਼ੈਸਲਾ




ਫ਼ਿਰੋਜ਼ਪੁਰ,(ਲੋਕ ਬਾਣੀ) ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਫ਼ਿਰੋਜ਼ਪੁਰ ਦੀ ਨਰਿੰਦਰ ਕੌਰ ਦੇ ਹੱਕ ਵਿਚ ਇੱਕ ਅਹਿਮ ਫ਼ੈਸਲਾ ਦਿੱਤਾ ਹੈ ।ਦੱਸਣਯੋਗ ਹੈ ਕਿ ਈ ਟੀ ਟੀ ਅਧਿਆਪਕਾ ਨੌਕਰੀ ਦੌਰਾਨ ਅਪੰਗ ਹੋ ਗਈ ਸੀ।

ਮਿਲੀ ਜਾਣਕਾਰੀ ਅਨੁਸਾਰ ਹਾਈ ਕੋਰਟ ਦੇ ਵਕੀਲ ਪੁਨੀਤ ਕੁਮਾਰ ਬਾਂਸਲ ਵੱਲੋਂ ਦਾਇਰ ਪਟੀਸ਼ਨ ਵਿਚ ਨਰਿੰਦਰ ਕੌਰ ਪੁੱਤਰੀ ਕਦਰ ਸਿੰਘ ਵਾਸੀ ਪਿੰਡ ਸ਼ਾਹਦੀਨ ਵਾਲਾ ਫ਼ਿਰੋਜ਼ਪੁਰ ਨੇ ਦੱਸਿਆ ਕਿ ਉਹ 11 ਸਤੰਬਰ 2016 ਈ ਟੀ ਟੀ ਅਧਿਆਪਕ ਵਜੋਂ ਭਾਰਤੀ ਹੋਈ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਸੋਢੀ ਨਗਰ ਫ਼ਿਰੋਜ਼ਪੁਰ ਵਿਖੇ ਤਾਇਨਾਤ ਸੀ।

ਮਿਤੀ 8 ਮਾਰਚ 2017 ਨੂੰ ਐਕਟਿਵਾ 'ਤੇ ਸਕੂਲ ਜਾਂਦੇ ਸਮੇਂ ਉਸ ਨੂੰ ਇੱਕ ਕਾਰ ਨੇ ਟੱਕਰ ਮਾਰ ਦਿੱਤੀ। ਜਿਸ ਦੇ ਚਲਦੇ ਉਹ ਤੁਰਨ -ਫਿਰਨ ਅਤੇ ਕਿਸੇ ਵੀ ਦਸਤਾਵੇਜ਼ 'ਤੇ ਦਸਤਖ਼ਤ ਕਰਨ ਤੋਂ ਅਸਮਰਥ ਹੋ ਗਈ। ਸਿਵਲ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਵੀ ਉਸ ਨੂੰ 90% ਦੀ ਅਪੰਗਤਾ ਤੋਂ ਪੀੜਤ ਸਰਟੀਫਿਕੇਟ ਜਾਰੀ ਕੀਤਾ ਗਿਆ ਸੀ।

ਇਸ ਉਪਰੰਤ 25 ਨਵੰਬਰ 2020 ਪਟੀਸ਼ਨਰ ਅਤੇ ਉਸ ਦੇ ਪਿਤਾ ਦੁਆਰਾ ਪਟੀਸ਼ਨਰ ਵੱਲੋਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੂੰ ਅਰਜ਼ੀ ਸੌਂਪੀ ਗਈ ਸੀ ਜਿਸ ਵਿੱਚ ਅਪੰਗ ਵਿਅਕਤੀਆਂ ਦੇ ਅਧਿਕਾਰ ਐਕਟ 2016 ਦੁਆਰਾ ਪ੍ਰਦਾਨ ਕੀਤੀਆਂ ਗਈਆਂ ਸਾਰੀਆਂ ਸਹੂਲਤਾਂ ਤੇ ਅਧਿਕਾਰ ਪ੍ਰਦਾਨ ਕਰਨ ਦੀ ਬੇਨਤੀ ਕੀਤੀ ਗਈ ਸੀ।

90 ਪ੍ਰਤੀਸ਼ਤ ਅਪੰਗ ਨਰਿੰਦਰ ਕੌਰ ਆਪਣੇ ਹੱਕ ਲਈ ਆਪਣੇ ਪਿਤਾ ਅਤੇ ਹੋਰ ਵਸੀਲਿਆਂ ਰਾਹੀਂ ਆਪਣੇ ਮਹਿਕਮੇ ਤੋਂ ਇਨਸਾਫ਼ ਦੀ ਮੰਗ ਕੀਤੀ। ਪਰ ਉਸ ਦੀ ਫਾਈਲ ਦਫ਼ਤਰੀ ਗੇੜੀਆਂ ਵਿਚ ਘੁੰਮਦੀ ਰਹੀਂ।

ਦਾਇਰ ਮਾਮਲੇ ਵਿਚ ਸਕੱਤਰ ਸਿੱਖਿਆ ਵਿਭਾਗ ਚੰਡੀਗੜ੍ਹ ,ਡਾਇਰੈਕਟਰ ਜਰਨਲ ਸਕੂਲ ਐਜੂਕੇਸ਼ਨ ਬੋਰਡ, ਜ਼ਿਲ੍ਹਾ ਸਿੱਖਿਆ ਅਧਿਕਾਰੀ ਫ਼ਿਰੋਜ਼ਪੁਰ ਆਦਿ ਨੂੰ ਉੱਤਰਵਾਦੀ ਬਣਾਇਆ ਸੀ।

ਮਾਮਲੇ ਤੇ ਫ਼ੈਸਲਾ ਦਿੰਦੇ ਹੋਏ ਇਕਹਿਰੇ ਬੈਂਚ ਤੇ ਅਧਾਰਿਤ ਜਸਟਿਸ ਅਮਨ ਚੌਧਰੀ ਦੀ ਕੋਰਟ ਨੇ ਅਮਿਤ ਕੁਮਾਰ ਬਨਾਮ ਹਰਿਆਣਾ ਸਰਕਾਰ ਦਾ ਹਵਾਲਾ ਦਿੰਦੇ ਹੋਏ ਸਪਸ਼ਟ ਕਿਹਾ ਕਿ ਸਰਕਾਰ ਕਿਸੇ ਵੀ ਕਰਮਚਾਰੀ ਨੂੰ ਇਸ ਤਰ੍ਹਾਂ ਰੱਬ ਦੇ ਰਹਿਮ 'ਤੇ ਨਹੀਂ ਛੱਡ ਸਕਦੀ।

ਪੰਜਾਬ ਸਰਕਾਰ ਨੂੰ ਹੁਕਮ ਦਿੱਤਾ ਹੈ ਕਿ ਪਟੀਸ਼ਨਕਰਤਾ ਨੂੰ ਜੀਵਨ ਭਰ ਜਾਂ ਸੇਵਾਮੁਕਤੀ ਤੱਕ ਪੂਰੀ ਤਨਖ਼ਾਹ ਦਿੱਤੀ ਜਾਵੇ ਅਤੇ ਸੇਵਾਮੁਕਤੀ ਤੋ ਬਾਅਦ ਪੈਨਸ਼ਨ ਲਾਭ ਵੀ ਯਕੀਨੀ ਬਣਾਇਆ ਜਾਵੇ।

# ਪੰਜਾਬ 'ਚ ਮੀਂਹ ਪੈਣ ਦੀ ਸੰਭਾਵਨਾ; ਮੌਸਮ ਵਿਭਾਗ ਨੇ ਦਿੱਤੀ ਚੇਤਾਵਨੀ



(ਲੋਕ ਬਾਣੀ)ਮੌਸਮ ਵਿਭਾਗ ਨੇ ਅਗਲੇ 2 ਤੋਂ 3 ਦਿਨਾਂ ਤੱਕ ਪੰਜਾਬ ਅਤੇ ਮੈਦਾਨੀ ਰਾਜਾਂ ਵਿੱਚ ਤੇਜ਼ ਹਵਾਵਾਂ ਨਾਲ ਮੀਂਹ ਪੈਣ ਦੀ ਚਿਤਾਵਨੀ ਦਿੱਤੀ ਹੈ। ਹਾਲਾਂਕਿ ਉੱਤਰਾਖੰਡ 'ਚ ਮੌਸਮ ਦਾ ਜ਼ਿਆਦਾ ਅਸਰ ਹੋਵੇਗਾ। ਇਸ ਤੋਂ ਇਲਾਵਾ ਉੱਤਰ-ਪੂਰਬੀ ਰਾਜਾਂ ਮੇਘਾਲਿਆ, ਨਾਗਾਲੈਂਡ, ਅਰੁਣਾਚਲ ਪ੍ਰਦੇਸ਼, ਮਿਜ਼ੋਰਮ, ਸਿੱਕਮ, ਅਸਾਮ ਵਿੱਚ ਤੇਜ਼ ਤੂਫ਼ਾਨ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ।

ਦੂਜੇ ਪਾਸੇ ਪੱਛਮੀ ਬੰਗਾਲ 'ਚ ਤੇਜ਼ ਤੂਫਾਨ ਨੇ ਤਬਾਹੀ ਮਚਾਈ, ਜਿਸ ਕਾਰਨ ਕਈ ਘਰ ਢਹਿ ਗਏ। ਇਸ ਤੋਂ ਇਲਾਵਾ ਦੱਖਣੀ ਭਾਰਤ ਦੇ ਰਾਜਾਂ ਵਿੱਚ ਫਰਵਰੀ ਵਿੱਚ ਮਾਰਚ ਵਰਗੀ ਗਰਮੀ ਮਹਿਸੂਸ ਹੋਣ ਲੱਗੀ ਹੈ।

ਪੱਛਮੀ ਗੜਬੜੀ ਦੇ ਪ੍ਰਭਾਵ ਕਾਰਨ ਹਰਿਆਣਾ ਅਤੇ ਪੰਜਾਬ ਵਿੱਚ ਬੱਦਲਵਾਈ ਰਹਿਣ ਦੀ ਸੰਭਾਵਨਾ ਹੈ। ਇਸ ਦੌਰਾਨ ਤੇਜ਼ ਹਵਾਵਾਂ ਦੇ ਨਾਲ ਬਾਰਿਸ਼ ਦਾ ਅਲਰਟ ਹੈ।

ਆਈਐਮਡੀ ਚੰਡੀਗੜ੍ਹ ਨੇ ਕਰਨਾਲ, ਕੁਰੂਕਸ਼ੇਤਰ, ਪੰਚਕੂਲਾ, ਯਮੁਨਾਨਗਰ ਅਤੇ ਅੰਬਾਲਾ ਖੇਤਰਾਂ ਵਿੱਚ ਮੀਂਹ ਦਾ ਪੀਲਾ ਅਲਰਟ ਜਾਰੀ ਕੀਤਾ ਹੈ।

ਮੰਨਿਆ ਜਾ ਰਿਹਾ ਹੈ ਕਿ ਮੌਸਮ 'ਚ ਬਦਲਾਅ ਕਾਰਨ ਤਾਪਮਾਨ 'ਚ ਮਾਮੂਲੀ ਗਿਰਾਵਟ ਮਹਿਸੂਸ ਕੀਤੀ ਜਾਵੇਗੀ।

ਪੰਜਾਬ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਇਸ ਤਰ੍ਹਾਂ ਦਾ ਮੌਸਮ ਘੱਟ ਜਾਂ ਘੱਟ ਦੇਖਿਆ ਜਾ ਸਕਦਾ ਹੈ। ਦੋਵਾਂ ਰਾਜਾਂ ਵਿੱਚ ਧੁੰਦ ਅਜੇ ਵੀ ਮੌਜੂਦ ਰਹੇਗੀ।

# ਭਾਕਿਯੂ ਏਕਤਾ ਡਕੌਂਦਾ ਦਾ ਸੂਬਾ ਜਥੇਬੰਦਕ ਇਜਲਾਸ ਸਫਲਤਾਪੂਰਵਕ ਸੰਪੰਨ, ਮਨਜੀਤ ਧਨੇਰ ਮੁੜ ਪ੍ਰਧਾਨ




ਚੰਡੀਗੜ੍ਹ-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦਾ ਦੋ ਰੋਜ਼ਾ ਸੂਬਾ ਜਥੇਬੰਦਕ ਇਜਲਾਸ ਮਸਤੂਆਣਾ ਸਾਹਿਬ ਵਿੱਚ ਨਵੀਂ ਸੂਬਾ ਕਮੇਟੀ ਚੁਨਣ ਨਾਲ ਸਫਲਤਾਪੂਰਵਕ ਸੰਪੰਨ ਹੋ ਗਿਆ। ਫਿਜ਼ੀਕਲ ਕਾਲਜ ਦੇ ਇਨਡੋਰ ਸਟੇਡੀਅਮ ਵਿੱਚ ਹੋਏ ਜਥੇਬੰਦਕ ਇਜਲਾਸ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਅਤੇ ਔਰਤਾਂ ਨੇ ਪੂਰੀ ਗਰਮਜੋਸ਼ੀ ਨਾਲ ਭਾਗ ਲਿਆ। ਖਚਾ ਖਚ ਭਰੇ ਹੋਏ 'ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਹਾਲ' ਵਿੱਚ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦਾ ਇਜਲਾਸ 'ਪਗੜੀ ਸੰਭਾਲ ਲਹਿਰ' ਦੇ ਬਾਨੀ 'ਚਾਚਾ ਅਜੀਤ ਸਿੰਘ' ਨੂੰ ਸਮਰਪਿਤ ਕੀਤਾ ਗਿਆ ਹੈ। ਅੱਜ ਦੇ ਦਿਨ 23 ਫਰਬਰੀ 1881 ਨੂੰ ਉਨ੍ਹਾਂ ਦਾ ਜਨਮ ਹੋਇਆ ਸੀ।

ਜਥੇਬੰਦਕ ਇਜਲਾਸ ਵਿੱਚ ਪੇਸ਼ ਕੀਤੀ ਗਈ ਕਾਰੁਗਜ਼ਾਰੀ ਰਿਪੋਰਟ ਤੇ 22 ਫਰਵਰੀ ਨੂੰ ਰਾਤ ਦੇ ਦੋ ਵਜੇ ਤੱਕ ਚਰਚਾ ਹੋਈ ਜਦੋਂ ਕਿ ਅੱਜ ਸਵੇਰ ਦੇ ਸੈਸ਼ਨ ਦੌਰਾਨ ਵੀ ਦੁਪਹਿਰ 12 ਵਜੇ ਤੱਕ ਜਾਰੀ ਰਹੀ। ਰਿਪੋਰਟ ਤੇ ਚਰਚਾ ਦੌਰਾਨ ਡੈਲੀਗੇਟਾਂ ਨੇ ਮੌਜੂਦਾ ਹਾਲਾਤਾਂ ਦੀ ਚਰਚਾ ਕਰਦਿਆਂ 'ਕੌਮੀ ਖੇਤੀ ਮੰਡੀਕਰਨ ਨੀਤੀ ਖਰੜਾ' ਰੱਦ ਕਰਵਾਉਣ, ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਅਤੇ ਸਾਰੀਆਂ ਫ਼ਸਲਾਂ ਦੀ ਐਮਐਸਪੀ ਤੇ ਖ੍ਰੀਦ ਦੀ ਗਰੰਟੀ ਦਾ ਕਾਨੂੰਨ ਬਣਵਾਉਣ ਅਤੇ ਰਹਿੰਦੀਆਂ ਮੰਗਾਂ ਦੀ ਪ੍ਰਾਪਤੀ ਲਈ ਸਾਂਝੇ ਘੋਲਾਂ ਦੀ ਲੋੜ ਤੇ ਜ਼ੋਰ ਦਿੱਤਾ ਗਿਆ।

ਡੈਲੀਗੇਟਾਂ ਵੱਲੋਂ ਉਠਾਏ ਉਸਾਰੂ ਅਲੋਚਨਾਤਮਕ ਨਜ਼ਰੀਏ ਤੋਂ ਤਿੱਖੇ ਸਵਾਲਾਂ ਦੇ ਜਵਾਬ ਸੂਬਾ ਆਗੂਆਂ ਨੇ ਪੂਰੇ ਵਿਸਥਾਰ ਨਾਲ ਜਵਾਬ ਦਿੱਤੇ। ਸੁਝਾਵਾਂ ਨੂੰ ਨਿਮਰਤਾ ਸਹਿਤ ਪ੍ਰਵਾਨ ਕੀਤਾ, ਰਹਿ ਗਈਆਂ ਘਾਟਾਂ ਕਮਜ਼ੋਰੀਆਂ ਨੂੰ ਹਲੀਮੀ ਨਾਲ ਤਸਲੀਮ ਕੀਤਾ।

ਨਵੀਂ ਸੂਬਾ ਕਮੇਟੀ ਦੀ ਚੋਣ ਲਈ ਲਖਵੀਰ ਸਿੰਘ ਆਕਲੀਆ, ਜਗਤਾਰ ਸਿੰਘ ਦੁੱਗਾਂ ਅਤੇ ਪਰਮਿੰਦਰ ਸਿੰਘ ਉੜਾਂਗ ਤੇ ਆਧਾਰਿਤ ਪ੍ਰਧਾਨਗੀ ਮੰਡਲ ਬਣਾਇਆ ਗਿਆ ਜਿਸ ਨੇ ਪੁਰਾਣੀ ਸੂਬਾ ਕਮੇਟੀ ਭੰਗ ਹੋਣ ਉਪਰੰਤ ਨਵੀਂ ਸੂਬਾ ਕਮੇਟੀ ਦੀ ਚੋਣ ਕਰਵਾਈ। ਇਸ ਵਿੱਚ ਮਨਜੀਤ ਧਨੇਰ ਪ੍ਰਧਾਨ, ਹਰਨੇਕ ਸਿੰਘ ਮਹਿਮਾ ਜਨਰਲ ਸਕੱਤਰ ਅਤੇ ਗੁਰਦੀਪ ਸਿੰਘ ਰਾਮਪੁਰਾ ਸੀਨੀਅਰ ਮੀਤ ਪ੍ਰਧਾਨ ਸਮੇਤ ਨੌਂ ਮੈਂਬਰੀ ਕਮੇਟੀ ਸਰਬਸੰਮਤੀ ਨਾਲ ਚੁਣੀ ਗਈ। ਔਰਤਾਂ ਨੂੰ ਜਥੇਬੰਦ ਕਰਕੇ ਸੰਘਰਸ਼ ਵਿੱਚ ਸ਼ਮੂਲੀਅਤ ਕਰਵਾਉਣ ਲਈ ਸੂਬਾ ਕਮੇਟੀ ਦੀ ਅਗਵਾਈ ਵਿੱਚ ਹਰਜਿੰਦਰ ਕੌਰ ਲੁਧਿਆਣਾ, ਅਮਰਜੀਤ ਕੌਰ ਬਰਨਾਲਾ ਅਤੇ ਅਮਨਦੀਪ ਕੌਰ ਮਾਨਸਾ ਮੈਂਬਰੀ ਕਮੇਟੀ ਨੂੰ ਜ਼ਿੰਮੇਵਾਰੀ ਸੌਂਪੀ ਗਈ।

ਸੂਬਾ ਇਜਲਾਸ ਨੇ ਪਾਸ ਕੀਤੇ ਮਤਿਆਂ ਰਾਹੀਂ ਕਿਰਤ ਕਾਨੂੰਨਾਂ ਮਜ਼ਦੂਰ ਵਿਰੋਧੀ ਸੋਧਾਂ, ਔਰਤਾਂ ਖ਼ਿਲਾਫ਼ ਜਬਰ, ਹੱਕ ਮੰਗਦੇ ਆਦਿਵਾਸੀਆਂ ਦੇ ਕਤਲੇਆਮ, ਮੁਸਲਿਮ ਘੱਟ ਗਿਣਤੀ ਫ਼ਿਰਕੇ ਨੂੰ ਜ਼ਲੀਲ ਕਰ ਕੇ ਜਬਰ ਕਰਨ, ਚੰਦਭਾਨ, ਦਾਨ ਸਿੰਘ ਵਾਲਾ, ਜਿਉਂਦ ਅਤੇ ਬਾਇਓ ਗੈਸ ਫੈਕਟਰੀਆਂ ਵਿਰੁੱਧ ਚੱਲ ਰਹੇ ਸੰਘਰਸ਼ਾਂ ਤੇ ਜ਼ਬਰ ਢਾਹੁਣ, ਜੇਲ੍ਹੀਂ ਡੱਕੇ ਬੁੱਧੀਜੀਵੀਆਂ ਅਤੇ ਸਜ਼ਾ ਪੂਰੀ ਕਰ ਚੁੱਕੇ ਸਾਰੇ ਸਿਆਸੀ ਕੈਦੀਆਂ ਦੀ ਤੁਰੰਤ ਰਿਹਾਈ ਦੀ ਮੰਗ ਕਰਨ ਤੋਂ ਇਲਾਵਾ ਕੁੱਲਰੀਆਂ ਵਿਖੇ ਕਿਸਾਨਾਂ ਦੇ ਕਬਜ਼ੇ ਨੂੰ ਹਰ ਹਾਲਤ ਕਾਇਮ ਰੱਖਣ ਦਾ ਪ੍ਰਣ ਕੀਤਾ ਗਿਆ। ਕੇਂਦਰੀ ਹਕੂਮਤ ਵੱਲੋਂ ਰਾਜ ਸਰਕਾਰਾਂ ਨੂੰ ਭੇਜੇ 'ਕੌਮੀ ਖੇਤੀ ਮੰਡੀਕਰਨ ਨੀਤੀ ਖਰੜੇ' ਨੂੰ ਰੱਦ ਕਰਵਾਉਣ ਲਈ ਐਸਕੇਐਮ ਦੇ ਸੱਦੇ 'ਤੇ 5 ਮਾਰਚ ਤੋਂ ਚੰਡੀਗੜ੍ਹ ਸ਼ੁਰੂ ਹੋ ਰਹੇ ਮੋਰਚੇ ਲਈ ਹੁਣੇ ਤੋਂ ਤਿਆਰੀਆਂ ਵਿੱਚ ਜੁੱਟ ਜਾਣ ਦਾ ਸੱਦਾ ਦਿੱਤਾ ਗਿਆ।

# ਸਰਕਾਰੀ ਮੁਲਾਜ਼ਮਾਂ ਨੂੰ ਐਲਨ ਮਸਕ ਦਾ ਸਖ਼ਤ ਹੁਕਮ ! ਆਪਣੇ ਕੰਮ ਦਾ ਵੇਰਵਾ ਦਿਓ ਜਾਂ ਅਸਤੀਫ਼ਾ



ਚੰਡੀਗੜ੍ਹ-(ਲੋਕ ਬਾਣੀ) ਡੋਨਾਲਡ ਟਰੰਪ ਦੇ ਰਾਸ਼ਟਰਪਤੀ ਬਣਨ ਤੋਂ ਬਾਅਦ ਅਮਰੀਕਾ ਵਿੱਚ ਬਣੇ ਡਿਪਾਰਟਮੈਂਟ ਆਫ ਗਵਰਨਮੈਂਟ ਐਫੀਸ਼ੀਐਂਸੀ (4®75) ਦੇ ਮੁਖੀ, ਅਰਬਪਤੀ ਕਾਰੋਬਾਰੀ ਐਲੋਨ ਮਸਕ ਨੇ ਨਵੇਂ ਆਦੇਸ਼ ਜਾਰੀ ਕੀਤੇ ਹਨ। ਨਵੇਂ ਹੁਕਮਾਂ ਤੋਂ ਬਾਅਦ ਸਰਕਾਰੀ ਕਰਮਚਾਰੀਆਂ ਵਿੱਚ ਘਬਰਾਹਟ ਹੈ।

ਮਸਕ ਨੇ ਇੱਕ ਆਦੇਸ਼ ਜਾਰੀ ਕਰਕੇ ਕਰਮਚਾਰੀਆਂ ਨੂੰ ਆਪਣੇ ਕੰਮ ਨੂੰ ਜਾਇਜ਼ ਠਹਿਰਾਉਣ ਲਈ ਕਿਹਾ ਹੈ। ਇਸ ਸਬੰਧ ਵਿੱਚ ਈਮੇਲ ਜਾਰੀ ਕੀਤੇ ਗਏ ਹਨ। ਇਸਦਾ ਮਤਲਬ ਹੈ ਕਿ ਕਰਮਚਾਰੀਆਂ ਨੂੰ ਹੁਣ ਦੱਸਣਾ ਪਵੇਗਾ ਕਿ ਉਹ ਕਿਹੜਾ ਕੰਮ ਕਰਦੇ ਹਨ ਅਤੇ ਸਬੰਧਤ ਵਿਭਾਗ ਨੂੰ ਉਨ੍ਹਾਂ ਦੀ ਕਿਉਂ ਲੋੜ ਹੈ ? ਸ਼ਨੀਵਾਰ ਨੂੰ

# ਸਰਕਾਰੀ ਮੁਲਾਜ਼ਮ ਵਿਧਵਾ ਔਰਤ ਤੋਂ 20000 ਰੁਪਏ ਰਿਸ਼ਵਤ ਲੈਂਦਾ ਗ੍ਰਿਫਤਾਰ

ਚੰਡੀਗੜ੍ਹ (ਲੋਕ ਬਾਣੀ)
ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿਚ ਚਲਾਈ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਤਹਿਤ ਐਤਵਾਰ ਨੂੰ ਨਗਰ ਕੌਂਸਲ ਮਲੋਟ, ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਵਿਚ ਤਾਇਨਾਤ ਕਲਰਕ ਸੁਰੇਸ਼ ਕੁਮਾਰ ਨੂੰ ਇਕ ਗਰੀਬ ਵਿਧਵਾ ਕੋਲੋਂ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕੀਤਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਮਲੋਟ ਸ਼ਹਿਰ ਨਿਵਾਸੀ ਇੱਕ ਵਿਧਵਾ ਔਰਤ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨਾਲ ਸੰਪਰਕ ਕਰਕੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਮਿਸ਼ਨ ਤਹਿਤ ਉਸ ਦਾ ਘਰ ਬਣਾਉਣ ਲਈ ਰਕਮ ਮਨਜ਼ੂਰ ਕਰਵਾਉਣ ਬਦਲੇ ਉਕਤ ਕਲਰਕ ਨੇ 50,000 ਰੁਪਏ ਦੀ ਰਿਸ਼ਵਤ ਮੰਗੀ ਹੈ ਪਰ ਉਸ ਵੱਲੋਂ ਜ਼ੋਰ ਪਾਉਣ ਤੋਂ ਬਾਅਦ ਉਕਤ ਵਿਅਕਤੀ ਇਹ ਰਕਮ ਕਿਸ਼ਤਾਂ ਵਿੱਚ ਲੈਣ ਲਈ ਸਹਿਮਤ ਹੋ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਾਜ਼ਮ ਨੂੰ ਸ਼ਿਕਾਇਤਕਰਤਾ ਦੇ ਘਰੋਂ 20,000 ਰੁਪਏ ਦੀ ਪਹਿਲੀ ਕਿਸ਼ਤ ਲੈਂਦੇ ਹੋਏ ਰੰਗੇ ਹੱਥੀਂ ਫੜ ਲਿਆ। ਬਿਊਰੋ ਦੀ ਟੀਮ ਨੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਉਕਤ ਮੁਲਜ਼ਮ ਕੋਲੋਂ ਰਿਸ਼ਵਤ ਦੀ ਰਕਮ ਮੌਕੇ 'ਤੇ ਹੀ ਬਰਾਮਦ ਕਰ ਲਈ।

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਫਿਰੋਜ਼ਪੁਰ ਰੇਂਜ ਥਾਣੇ ਵਿੱਚ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਅਧੀਨ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਇਸ ਕੇਸ ਸਬੰਧੀ ਅਗਲੀ ਤਫ਼ਤੀਸ਼ ਜਾਰੀ ਹੈ।

ਬਿਊਰੋ ਨੇ ਦੁਹਰਾਇਆ ਕਿ ਉਹ ਰਾਜ 'ਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸਰਕਾਰੀ ਅਧਿਕਾਰੀ ਜਾਂ ਕਰਮਚਾਰੀ ਵੱਲੋਂ ਰਿਸ਼ਵਤ ਦੀ ਮੰਗ ਕਰਨ 'ਤੇ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਦੇ ਵਟਸਐਪ ਨੰਬਰ 9501-200-200 'ਤੇ ਸ਼ਿਕਾਇਤ ਦਰਜ ਕਰਵਾਉਣ।

ਬੁਲਾਰੇ ਨੇ ਇਹ ਵੀ ਸਪੱਸ਼ਟ ਕੀਤਾ ਕਿ ਵਿਜੀਲੈਂਸ ਬਿਊਰੋ ਵੱਲੋਂ ਮਿਲੀਆਂ ਸਭ ਸ਼ਿਕਾਇਤਾਂ ਦੀ ਪੂਰੀ ਤਰ੍ਹਾਂ ਕਾਨੂੰਨੀ ਤਰੀਕੇ ਨਾਲ ਜਾਂਚ ਕੀਤੀ ਜਾਵੇਗੀ ਅਤੇ ਸਬੂਤ ਸਿੱਧ ਹੋਣ ਤੇ ਦੋਸ਼ੀ ਪਾਏ ਜਾਣ ਉਤੇ ਅਜਿਹੇ ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਕੀ ਪੰਜਾਬ ਸਰਕਾਰ ਕਰੇਗੀ ਕੱਚੇ ਮੁਲਾਜ਼ਮਾਂ ਲਈ ਬਣੇ ਐਕਟ 'ਚ ਸੋਧ ?

ਟਾਂਡਾ (ਲੋਕ ਬਾਣੀ) ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਮੰਡਲ ਦਸੂਹਾ ਵਲੋਂ ਕੱਚੇ ਵਰਕਰਾਂ ਦਾ ਵਫ਼ਦ ਵਿਧਾਇਕ ਉੜਮੁੜ ਜਸਵੀਰ ਸਿੰਘ ਰਾਜਾ ਗਿੱਲ ਰਾਹੀਂ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਸੌਂਪਿਆ ਗਿਆ।



ਮੰਡਲ ਪ੍ਰਧਾਨ ਜਗੀਰ ਸਿੰਘ ਅਤੇ ਸੀਨੀਅਰ ਮੀਤ ਪ੍ਰਧਾਨ ਮੰਡਲ ਦਸੂਹਾ ਮਹਿੰਦਰਪਾਲ ਜੀ ਨੇ ਮੰਗਾਂ ਸਬੰਧੀ ਵਿਧਾਇਕ ਸਾਹਿਬ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜੰਗਲਾਤ ਵਿਭਾਗ ਪੰਜਾਬ ਅਧੀਨ ਪੰਜਾਬ ਦੇ ਹਜ਼ਾਰਾਂ ਕੱਚੇ ਕਾਮੇ ਪਿਛਲੇ 20-25 ਸਾਲਾਂ ਤੋਂ ਲਗਾਤਾਰ ਹੁਣ ਤੱਕ ਨਿਗੂਣੀ ਤਨਖਾਹਾਂ ਸਿਰਫ਼ 10996 ਰੁਪਏ ਪ੍ਰਤੀ ਮਹੀਨਾ ਉਜਰਤਾਂ ਤੇ ਕੰਮ ਕਰਦੇ ਆਂ ਰਹੇ ਹਨ।

ਜਿਸ ਨਾਲ ਕਿ ਘਰ ਦਾ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੁੰਦਾ ਜਾ ਰਿਹਾ ਹੈ ਇਸ ਕਰਕੇ ਜਥੇਬੰਦੀ ਮੰਗ ਕਰਦੀ ਹੈ ਕਿ ਮਹਿੰਗਾਈ ਦਰ ਦੇ ਹਿਸਾਬ ਨਾਲ ਘੱਟ ਤੋਂ ਘੱਟ ਉਜਰਤ 26000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ।

ਕੱਚੇ ਕਾਮਿਆਂ ਨੂੰ ਕੰਮ ਕਰਦੇ ਸਮੇਂ ਸੱਟ ਲੱਗ ਜਾਣ ਜਾ ਮੌਤ ਹੋ ਜਾਣ ਦੀ ਸੂਰਤ ਵਿੱਚ ਜੀਵਨ ਬੀਮਾ ਕੀਤਾ ਜਾਵੇ ਕਿਉਂਕਿ ਬਹੁਤ ਸਾਰੇ ਸਾਥੀ ਜੰਗਲਾਂ ਵਿੱਚ ਜਾ ਰੋਡ ਉਤੇ ਆਦਿ ਤੇ ਰੁੱਖਾਂ ਦੀ ਸਾਂਭ - ਸੰਭਾਲ ਕਰਦੇ, ਰੁੱਖਾਂ ਦੀ ਪਲਾਂਟੇਸ਼ਨ ਕਰਦੇ ਸਮੇਂ ਜਾ ਜੰਗਲੀ ਜੀਵਾਂ ਨੂੰ ਬਚਾਉਂਦੇ ਸਮੇ , ਕੋਈ ਸੱਪ ਜਾਂ ਜੰਗਲੀ ਕੀੜਾ ਲੜ ਜਾਵੇ ਤਾਂ ਨਾ ਤਾਂ ਸਰਕਾਰ ਵਲੋ ਕੋਈ ਮਾਲੀ ਸਹਾਇਤਾ ਮਿਲਦੀ ਅਤੇ ਨਾ ਹੀ ਵਣ ਵਿਭਾਗ ਵੱਲੋਂ ਕਿਸੇ ਵੀ ਤਰ੍ਹਾਂ ਦੀ ਮਾਲੀ ਸਹਾਇਤਾ ਦਿੱਤੀ ਜਾਂਦੀ ਹੈ।

ਵਣ ਨਰਸਰੀਆਂ ਜਾ ਫੀਲਡ ਵਿੱਚ ਕੰਮ ਕਰਦੇ ਕਿਸੇ ਵੀ ਕੱਚੇ ਦਿਹਾੜੀਦਾਰ ਕਾਮਿਆਂ ਨੂੰ ਤਨਖਾਹਾਂ ਸਮੇਂ ਸਿਰ ਦਿੱਤੀਆਂ ਜਾਣ। ਪਾਲਿਸੀ ਫਾਰ ਵੈਲਫੇਅਰ ਆਫ ਅਡਹਾਕ ਡੇਲੀਵੇਜ਼ ਵਰਕਚਾਰਜ ਟੈਂਪਰੇਰੀ ਇੰਪਲਾਈਜ ਐਕਟ 2023 ਵਿੱਚ ਸੋਧ ਕੀਤੀ ਜਾਵੇ।

ਕਿਉਂਕਿ ਇਸ ਐਕਟ ਦੇ ਮੁਤਾਬਿਕ ਬਹੁਤ ਸਾਰੇ ਘੱਟ ਪੜ੍ਹੇ ਲਿਖੇ ਅਤੇ ਨੌਕਰੀ ਵਿੱਚ ਲਗਾਤਾਰਤਾ ਨਾ ਹੋਣ ਵਾਲੇ ਕਾਮਿਆਂ ਨੂੰ ਇਸ ਐਕਟ ਤੋਂ ਕੋਈ ਲਾਭ ਨਹੀਂ ਮਿਲਦਾ।

ਇਸ ਲਈ ਯੂਨੀਅਨ ਦੀ ਮੰਗ ਹੈ ਕਿ ਇਸ ਐਕਟ ਵਿੱਚ ਸੋਧ ਕੀਤੀ ਜਾਵੇ ਅਤੇ ਪਹਿਲਾਂ ਪੱਕੇ ਕੀਤੇ ਦਰਜਾ ਚਾਰ ਮੁਲਾਜ਼ਮਾਂ ਵਾਂਗ ਨੌਕਰੀ ਦੀ ਸੇਵਾ ਮੁਕਤੀ ਦੀ ਉਮਰ 58 ਸਾਲ ਤੋਂ ਵਧਾ ਕੇ 60 ਸਾਲ ਕੀਤਾ ਜਾਵੇ। ਘੱਟ ਤੋਂ ਘੱਟ ਉਜਰਤ ਕਾਨੂੰਨ ਵਿੱਚ ਸੋਧ ਕੀਤੀ ਜਾਵੇ।

ਵਫ਼ਦ ਨੇ ਵਿਧਾਇਕ ਤੋਂ ਮੰਗ ਕੀਤੀ ਕਿ ਓਹ ਉਨ੍ਹਾਂ ਦੀਆਂ ਮੰਗਾਂ ਨੂੰ ਆਉਂਦੇ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਵਿੱਚ ਜ਼ਰੂਰ ਚੁੱਕਣ। ਵਿਧਾਇਕ ਸਾਹਿਬ ਨੇ ਵਫ਼ਦ ਨੂੰ ਵਿਸ਼ਵਾਸ ਦਿਵਾਇਆ ਕਿ ਓਹ ਉਨ੍ਹਾਂ ਦੀਆਂ ਮੰਗਾਂ ਨੂੰ ਸਰਕਾਰ ਤੱਕ ਜ਼ਰੂਰ ਪਹੁੰਚਾਉਣਗੇ।

ਇਸ ਮੌਕੇ ਮੰਡਲ ਪ੍ਰਧਾਨ ਜਗੀਰ ਸਿੰਘ ਚਾਂਗ ਬਸੋਆ, ਜਰਨਲ ਸਕੱਤਰ ਵਰਿੰਦਰ ਕੁਮਾਰ ਅਸ਼ਰਫਪੁਰ, ਸੀਨੀਅਰ ਮੀਤ ਪ੍ਰਧਾਨ ਮਹਿੰਦਰਪਾਲ ਜੋਗੀਆਨਾ, ਪ੍ਰੈੱਸ ਸਕੱਤਰ ਸ਼ਿਵ ਦਿਆਲ ਪੰਡੋਰੀ ਬੈਂਸਾਂ ਤੇ ਲਵਪ੍ਰੀਤ ਸਿੰਘ ਬੋਦਲ, ਰੇਂਜ ਪ੍ਰਧਾਨ ਬਡਲਾ ਰਾਜੀਵ ਕੁਮਾਰ ਸੰਸਾਰਪੁਰ, ਜਰਨਲ ਸਕੱਤਰ ਲਖਵੀਰ ਸਿੰਘ ਰਾਘੋਵਾਲ, ਸਰਜੀਵਨ ਸਿੰਘ, ਮਲਕੀਤ ਸਿੰਘ ਪਵੇ ਝਿੰਗੜ ਹਾਜ਼ਰ ਸਨ।

# ਪੰਜਾਬ 'ਚ ਸਕੂਲ ਦੇ ਬਾਹਰ ਖੜ੍ਹੀ ਕਾਰ ਨੂੰ ਲੱਗੀ ਭਿਆਨਕ ਅੱਗ, ਵੱਡਾ ਹਾਦਸਾ ਹੋਣੋਂ ਟਲਿਆ



ਫ਼ਰੀਦਕੋਟ-: (ਲੋਕ ਬਾਣੀ)ਪੰਜਾਬ ਦੇ ਅੰਦਰ ਇੱਕ ਵਾਰ ਫਿਰ ਵੱਡਾ ਹਾਦਸਾ ਹੋਣੋਂ ਟਲ ਗਿਆ। ਦਰਅਸਲ, ਫਰੀਦਕੋਟ ਦੇ ਇੱਕ ਪ੍ਰਾਈਵੇਟ ਸਕੂਲ ਦੇ ਬਾਹਰ ਇੱਕ ਕਾਰ ਅੱਗ ਦਾ ਗੋਲਾ ਬਣ ਗਈ।

ਜਾਣਕਾਰੀ ਮੁਤਾਬਿਕ ਇੱਕ ਵਿਅਕਤੀ ਆਪਣੇ ਬੱਚਿਆਂ ਨੂੰ ਸਕੂਲੋਂ ਲੈਣ ਆਇਆ ਸੀ ਅਤੇ ਉਸ ਨੇ ਆਪਣੀ ਕਾਰ ਪਾਰਕਿੰਗ ਵਿੱਚ ਖੜ੍ਹੀ ਕਰ ਦਿੱਤੀ।

ਕਾਰ ਚਾਲਕ ਨਵੀਨ ਕੁਮਾਰ ਨੇ ਦੱਸਿਆ ਕਿ ਜਿਵੇਂ ਹੀ ਉਹ ਸਕੂਲ ਵੱਲ ਵਧਿਆ ਤਾਂ, ਉਹਦੀ ਕਾਰ ਨੂੰ ਅੱਗ ਲੱਗ ਗਈ।

ਇਸ ਤੋਂ ਤੁਰੰਤ ਬਾਅਦ ਉਹਨੇ ਪੁਲਿਸ ਅਤੇ ਫ਼ਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ ਅਤੇ ਫਾਇਰ ਬ੍ਰਿਗੇਡ ਨੇ ਅੱਗ ਤੇ ਕਾਬੂ ਪਾਇਆ।

# ਪੰਜਾਬ 'ਚ ਸਵਾਈਨ ਫਲੂ ਦਾ ਕਹਿਰ, ਮਿਲੇ ਨਵੇਂ ਕੇਸ



, ਚੰਡੀਗੜ੍ਹ -: (ਲੋਕ ਬਾਣੀ)
ਪੰਜਾਬ ਦੇ ਵਿੱਚ ਇੱਕ ਵਾਰ ਫਿਰ ਸਵਾਈਨ ਫਲੂ ਦੀ ਦਹਿਸ਼ਤ ਵੇਖਣ ਨੂੰ ਮਿਲੀ ਹੈ ਬਠਿੰਡਾ ਤੇ ਦੋ ਪਿੰਡਾਂ ਵਿੱਚ ਦੋ ਕੇਸ ਸਾਹਮਣੇ ਆਏ ਹਨ। ਜਿਸ ਤੋਂ ਬਾਅਦ ਸਿਹਤ ਵਿਭਾਗ ਦੇ ਵੱਲੋਂ ਅਲਰਟ ਜਾਰੀ ਕਰ ਦਿੱਤਾ ਗਿਆ ਹੈ ਅਤੇ ਵੱਖ-ਵੱਖ ਪਿੰਡਾਂ ਵਿੱਚ ਚੈਕਿੰਗ ਮੁਹਿੰਮ ਅਤੇ ਟੈਸਟਿੰਗ ਮੁਹਿੰਮ ਚਲਾ ਦਿੱਤੀ ਗਈ ਹੈ।

ਜਾਣਕਾਰੀ ਦੇ ਮੁਤਾਬਿਕ ਬਠਿੰਡਾ ਦੇ ਭੁੱਚੋ ਮੰਡੀ ਅਤੇ ਭੁੱਚੋ ਖੁਰਦ ਵਿੱਚ ਇੱਕ ਇੱਕ ਕੇਸ ਸਵਾਈਨ ਫਲੂ ਦਾ ਮਿਲਿਆ ਹੈ।

ਦੋਵਾਂ ਮਰੀਜ਼ਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ ਅਤੇ ਦੋਵਾਂ ਦੇ ਟੈਸਟਿੰਗ ਦੌਰਾਨ ਉਨ੍ਹਾਂ ਵਿੱਚ ਸਵਾਇਨ ਫਲੂ ਦੀ ਪੁਸ਼ਟੀ ਹੋਈ ਹੈ।

ਸਿਵਲ ਸਰਜਨ ਬਠਿੰਡਾ ਡਾਕਟਰ ਗੁਰਜੀਤ ਸਿੰਘ ਨੇ ਦੱਸਿਆ ਕਿ ਬਠਿੰਡਾ ਵਿੱਚ ਦੋ ਮਰੀਜ਼ ਸਵਾਈਨ ਫਲੂ ਨਾਲ ਪੀੜਤ ਪਾਏ ਗਏ ਹਨ ਜਿਨਾਂ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ, ਦੋਵੇਂ ਖਤਰੇ ਤੋਂ ਬਾਹਰ ਹਨ।

# ਸ਼ਾਨਦਾਰ ਹੋ ਨਿਬੜਿਆ ਪੰਜਾਬੀ ਇਕਾਈ ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਕਰਵਾਇਆ ਕਵੀ ਦਰਬਾਰ -ਮਹਿੰਦਰ ਸੂਦ ਵਿਰਕ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਇਆ ਪੰਜਾਬੀ ਲਾਈਵ ਕਵੀ ਦਰਬਾਰ ਸ਼ਾਨਦਾਰ ਹੋ ਨਿਬੜਿਆ ਅਤੇ ਸਰੋਤਿਆਂ ਦੇ ਮਿਲਿਆ ਭਰਵਾਂ ਹੁੰਗਾਰਾ। ਲੜੀਵਾਰ ਕਵੀ ਦਰਬਾਰ ਨੂੰ ਅੱਗੇ ਵਧਾਉਂਦੇ ਹੋਏ ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਮਿਤੀ 23 ਫਰਵਰੀ ਦਿਨ ਐਤਵਾਰ 2025 ਨੂੰ ਸ਼ਾਮ 5 ਵਜੇ ਲਾਈਵ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਕਵੀ ਜਸਵੀਰ ਕੌਰ ਜੱਸੀ ਜੀ, ਅਨਿਲ ਖ਼ਿਆਲ ਜੀ ਕਰਨਾਲ ਹਰਿਆਣਾ,ਗੁਰਿੰਦਰ ਸਿੰਘ ਕਲਸੀ ਜੀ,ਪ੍ਰੀਤਮਾ ਜੀ ਦਿੱਲੀ, ਦਰਸ਼ਨ ਸਿੰਘ ਜੀ ਭਾਗਪੁਰੀ ਨੇ ਬਹੁਤ ਹੀ ਪਿਆਰ ਨਾਲ ਹਾਜ਼ਰੀ ਭਰੀ। ਕਵੀ ਦਰਬਾਰ ਦਾ ਆਗਾਜ਼ ਪ੍ਰੋਗਰਾਮ ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਮਾਂ ਬੋਲੀ ਪੰਜਾਬੀ ਦੇ ਮਿਠਾਸ ਭਰਪੂਰ ਬੋਲਾਂ ਦੇ ਨਾਲ ਸ਼ਾਨਦਾਰ ਅੰਦਾਜ਼ ਵਿੱਚ ਪੇਸ਼ ਕਰਕੇ ਕੀਤਾ। ਜਸਵੀਰ ਕੌਰ ਜੱਸੀ ਜੀ ਨੇ ਆਪਣੀਆਂ ਤਿੰਨ ਬਾ-ਕਮਾਲ ਕਵਿਤਾਵਾਂ ਦੇ ਨਾਲ ਹਾਜ਼ਰੀ ਲਗਾਈ ਅਤੇ ਅਨਿਲ ਖ਼ਿਆਲ ਜੀ ਨੇ ਦਿਲ ਨੂੰ ਛੂਹਣ ਵਾਲੀ ਆਪਣੀਆਂ ਦੋ ਕਵਿਤਾਵਾਂ ਪੇਸ਼ ਕੀਤੀਆਂ। ਗੁਰਿੰਦਰ ਸਿੰਘ ਕਲਸੀ ਜੀ ਨੇ ਵੀ ਦੋ ਕਵਿਤਾਵਾਂ ਨਾਲ ਖ਼ੂਬ ਸਮਾਂ ਬੰਨ੍ਹਿਆ। ਦਰਸ਼ਨ ਸਿੰਘ ਜੀ ਭਾਗਪੁਰੀ ਨੇ ਵੀ ਦੋ ਕਵਿਤਾਵਾਂ ਦੇ ਨਾਲ ਸਰੋਤਿਆਂ ਤੋਂ ਵਾਹ-ਵਾਹ ਖੱਟੀ। ਕੁੱਝ ਨੈੱਟਵਰਕ ਦੀ ਦਿੱਕਤ ਕਰਕੇ ਪ੍ਰੀਤਮਾ ਜੀ ਦਿੱਲੀ ਦੀ ਇੱਕ ਕਵਿਤਾ ਹੀ ਸਰੋਤਿਆਂ ਤੱਕ ਪਹੁੰਚ ਪਾਈ। ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਾਹਿਤਕ ਅਕਾਦਮੀ ਦੇ ਸਚਿਵ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਸੰਸਥਾ ਦੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸਾਰੇ ਕਵੀਆਂ ਨੇ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਇਸ ਉਪਰਾਲੇ ਦਾ ਦਿਲੋਂ ਸੁਆਗਤ ਕੀਤਾ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਅਖ਼ੀਰ ਵਿੱਚ ਸਭ ਕਲਮਕਾਰਾਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਦੀ ਮਿਠਾਸ ਨਾਲ ਹਰ ਘਰ ਪੰਜਾਬੀਅਤ ਦਾ ਬੂਟਾ ਲਗਾਉਣ ਦਾ ਸੁਨੇਹਾ ਦਿੱਤਾ।




# ਫੂਡ ਸੇਫਟੀ ਟੀਮ ਨੇ ਪੰਜ ਸੈਂਪਲ ਭਰੇ



ਕਪੂਰਥਲਾ/ ਫਗਵਾੜਾ ( ਸੁਸ਼ੀਲ ਸ਼ਰਮਾ) ਅਭਿਨਵ ਤ੍ਰਿਖਾ ਕਮਿਸ਼ਨਰ ਫੂਡ ਐਂਡ ਡਰੱਗ ਐਡਮਨਿਸਟਰੇਟਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਪੰਚਾਲ ਦੇ ਹੁਕਮਾਂ ਅਤੇ ਸਿਵਲ ਸਰਜਨ ਡਾਕਟਰ ਰਿਚਾ ਭਾਟੀਆ ਦੀ ਯੋਗ ਅਗਵਾਈ ਹੇਠ ਸਹਾਇਕ ਫੂਡ ਕਮਿਸ਼ਨਰ ਰਜਿੰਦਰਪਾਲ ਸਿੰਘ ਕਮਿਸ਼ਨਰ ਅਤੇ ਐਫ਼ਐਸਓ ਮਹਿਕ ਸੈਣੀ ਨੇ ਕਪੂਰਥਲਾ ਤੋਂ ਪੰਜ ਪਨੀਰ,ਇਕ ਚਟਨੀ ਅਤੇ ਨਿਊਟਰੀ ਦੀ ਸਬਜ਼ੀ ਦੇ ਸੈਂਪਲ ਭਰੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਫੂਡ ਕਮਿਸ਼ਨਰ ਰਜਿੰਦਰਪਾਲ ਸਿੰਘ ਨੇ ਦੱਸਿਆ ਕਿ ਅੱਜ ਕਪੂਰਥਲਾ ਵਿਖੇ ਸਿਹਤ ਵਿਭਾਗ ਦੀ ਫੂਡ ਸੇਫਟੀ ਵਿੰਗ ਦੀ ਟੀਮ ਵਲੋਂ ਦੋ ਪੈਕਡ ਪਨੀਰ, ਦੋ ਲੂਜ ਪਨੀਰ ਅਤੇ ਇਕ ਟੋਫੂ ਸਮੇਤ ਪੰਜ ਪਨੀਰ,ਇਕ ਚਟਨੀ ਅਤੇ ਨਿਊਟਰੀ ਦੀ ਸਬਜ਼ੀ ਦੇ ਸੈਂਪਲ ਭਰੇ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਪਾਦਰਥਾਂ ਵਿਚ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਪਾਈ ਗਈ ਤਾਂ ਇਨ੍ਹਾਂ ਉਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ

# ਪਿੰਡ ਭੁੱਲਾਰਾਈ ਦੇ ਸਰਪੰਚ ਰਜਤ ਭਨੋਟ ਸਮੇਤ ਸਮੁੱਚੀ ਪੰਚਾਇਤ 'ਆਪ' 'ਚ ਹੋਈ ਸ਼ਾਮਲ



ਫਗਵਾੜਾ ( ਸੁਸ਼ੀਲ ਸ਼ਰਮਾ ) ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਭੁੱਲਾਰਾਈ ਦੀ ਸਮੁੱਚੀ ਪੰਚਾਇਤ ਨੇ ਅੱਜ ਸਰਪੰਚ ਰਜਤ ਭਨੋਟ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਜਿਹਨਾਂ ਦਾ ਸਵਾਗਤ ਆਪ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਹਰਜੀ ਮਾਨ ਵਲੋਂ ਕੀਤਾ ਗਿਆ। ਸਰਪੰਚ ਰਜਤ ਭਨੋਟ ਨੇ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਪਿੰਡਾਂ ਦਾ ਜਿਸ ਤਰ੍ਹਾਂ ਸਰਬ ਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ, ਉਸ ਨੂੰ ਮੁੱਖ ਰੱਖਦੇ ਹੋਏ ਪੰਚਾਇਤ ਨੇ ਆਪਸੀ ਸਹਿਮਤੀ ਦੇ ਨਾਲ ਆਪ ਪਾਰਟੀ ਵਿਚ ਸ਼ਾਮਲ ਹੋ ਕੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਭਗਵੰਤ ਮਾਨ ਸਰਕਾਰ ਦੇ ਹੱਥ ਮਜਬੂਤ ਕਰਨ ਦਾ ਫੈਸਲਾ ਲਿਆ ਹੈ। ਜੋਗਿੰਦਰ ਸਿੰਘ ਮਾਨ ਨੇ ਸਰਪੰਚ ਰਜਤ ਭਨੋਟ ਦੇ ਨਾਲ ਆਪ ਪਾਰਟੀ ਵਿਚ ਸ਼ਾਮਲ ਹੋਏ ਪੰਚਾਇਤ ਮੈਂਬਰਾਂ ਗੁਰਬਖਸ਼ ਕੌਰ, ਦੇਵਰਾਜ, ਗੁਰਜੀਤ ਕੁਮਾਰ ਜੀਤਾ, ਉਮਨਦੀਪ ਸਿੰਘ, ਇੰਦਰਪ੍ਰੀਤ ਸਿੰਘ, ਰਾਜਵਿੰਦਰ ਕੌਰ, ਪਰਮਜੀਤ ਸਿੰਘ ਤੋਂ ਇਲਾਵਾ ਸਾਬਕਾ ਸਰਪੰਚ ਧਰਜਿੰਦਰ ਸਿੰਘ, ਸੀਮਾ ਸ਼ਰਮਾ, ਵੰਦਨਾ ਸ਼ਰਮਾ, ਸਾਬਕਾ ਸਰਪੰਚ ਕੁਲਵੰਤ ਸਿੰਘ, ਜਸਵਿੰਦਰ ਸਿੰਘ ਬਿੰਦਾ, ਹਰਜਿੰਦਰ ਸਿੰਘ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ, ਲਹਿੰਬਰ ਸਿੰਘ, ਗੁਰਮੀਤ ਸਿੰਘ, ਰੋਕੀ ਭਨੋਟ ਯੂ.ਐਸ.ਏ., ਕਾਕਾ ਲੰਬੜ, ਮੰਗਾ ਭੁੱਲਾਰਾਈ ਅਤੇ ਹੋਰਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਪ ਪਾਰਟੀ ਵਿਚ ਉਹਨਾਂ ਨੂੰ ਪੂਰਾ ਮਾਣ ਸਤਿਕਾਰ ਮਿਲੇਗਾ। ਇਸ ਦੌਰਾਨ ਉਹਨਾਂ ਪਿੰਡ ਭੁੱਲਾਰਾਈ ਦੇ ਲੋੜੀਂਦੇ ਵਿਕਾਸ ਕਾਰਜ ਵੀ ਜਲਦੀ ਸ਼ੁਰੂ ਕਰਵਾਉਣ ਦਾ ਭਰੋਸਾ ਦਿੱਤਾ। ਮਾਨ ਨੇ ਕਿਹਾ ਕਿ ਭੁੱਲਾਰਾਈ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਵੀ ਪਹਿਲ ਦੇ ਅਧਾਰ ਤੇ ਪੂਰਾ ਕਰਵਾਇਆ ਜਾਵੇਗਾ। ਇਸ ਮੌਕੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ, ਵਰੁਣ ਬੰਗੜ ਸਰਪੰਚ ਚੱਕ ਹਕੀਮ, ਕੇਸ਼ੀ ਗੰਡਵਾ, ਰਾਜਨ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਦੇ ਪਤਵੰਤੇ ਅਤੇ ਆਪ ਪਾਰਟੀ ਦੇ ਵਰਕਰ ਹਾਜਰ ਸਨ।

# ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਤੇ ਜਨਤਕ ਜਥੇਬੰਦੀਆਂ ਵੱਲੋਂ ਭਰਿਸ਼ਟ ਤਹਿਸੀਲਦਾਰ ਦੀ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



ਫ਼ਗਵਾੜਾ-ਫਿਲੌਰ (ਸੁਸ਼ੀਲ ਸ਼ਰਮਾ) ਤਹਿਸੀਲ ਕੰਪਲੈਕਸ ਫਿਲੌਰ ਤੇ ਸਬ ਤਹਿਸੀਲ ਕੇਂਦਰਾਂ ਵਿੱਚ ਫੈਲੇ ਭ੍ਰਿਸ਼ਟਾਚਾਰ ਅਤੇ ਭਰਿਸ਼ਟਾਚਾਰ ਵਿਰੁੱਧ ਅਵਾਜ਼ ਉਠਾਉਣ ਵਾਲਿਆਂ ਤੇ ਦਰਜ਼ ਝੂਠੇ ਪੁਲਿਸ ਕੇਸਾਂ ਵਿਰੁੱਧ ਜਨਤਕ ਜਥੇਬੰਦੀਆਂ ਵਲੋਂ ਸੰਘਰਸ਼ ਦੇ ਪਹਿਲੇ ਪੜਾਅ ਤਹਿਤ ਭ੍ਰਿਸ਼ਟਾਚਾਰੀ ਤਹਿਸੀਲਦਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ । ਅੱਜ ਲੋਕ ਇਨਸਾਫ਼ ਮੰਚ ਅਤੇ ਜਨਤਕ ਜਥੇਬੰਦੀਆਂ ਵੱਲੋਂ ਤਹਿਸੀਲ ਫਿਲੌਰ ਦੇ ਭਰਿਸ਼ਟ ਤਹਿਸੀਲਦਾਰ ਤੇ ਅਧਿਕਾਰੀਆਂ ਵਿਰੁੱਧ ਵਿਸ਼ਾਲ ਧਰਨਾ ਪ੍ਰਦਰਸ਼ਨ ਤੇ ਰੋਸ ਮਾਰਚ ਕੀਤਾ ਗਿਆ ਜਿਸ ਦੀ ਅਗਵਾਈ ਜਰਨੈਲ ਫਿਲੌਰ, ਐਡਵੋਕੇਟ ਸੰਜੀਵ ਭੌਰਾ, ਗੁਰਨਾਮ ਸਿੰਘ ਤੱਗੜ, ਪਰਸ਼ੋਤਮ ਫਿਲੌਰ ਆਦਿ ਆਗੂਆਂ ਨੇ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਭ੍ਰਿਸ਼ਟਾਚਾਰ ਇੱਕ ਬ੍ਰਾਂਡ ਬਣ ਗਿਆ ਹੈ ਤੇ ਰਿਸ਼ਵਤ ਵਿਰੁੱਧ ਅਵਾਜ਼ ਉਠਾਉਣ ਵਾਲਿਆਂ ਤੇ ਝੂਠੇ ਪਰਚੇ ਦਰਜ ਕੀਤੇ ਜਾ ਰਹੇ ਹਨ। ਆਗੂਆਂ ਨੇ ਮੰਗ ਕੀਤੀ ਕਿ ਝੂਠੇ ਪਰਚੇ ਤਰੁੰਤ ਰੱਦ ਕਰਕੇ ਇਨਸਾਫ਼ ਦਿੱਤਾ ਜਾਵੇ ਤੇ ਭਰਿਸ਼ਟ ਤਹਿਸੀਲਦਾਰ ਫਿਲੌਰ ਨੂੰ ਇਥੋਂ ਚਲਦਾ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਉਹ ਜਲਦ ਹੀ ਭਰਿਸ਼ਟ ਤਹਿਸੀਲਦਾਰ ਤੇ ਹੋਰ ਅਧਿਕਾਰੀਆਂ ਦੀਆਂ ਕਰਤੂਤਾਂ ਨੂੰ ਸਬੂਤਾਂ ਸਹਿਤ ਜਨਤਕ ਕਰਨਗੇ। ਇਸ ਸਮੇਂ ਆਗੂਆ ਨੇ ਕਿਹਾ ਕਿ ਜਨਤਕ ਜਥੇਬੰਦੀਆਂ ਵਲੋਂ ਸੰਘਰਸ ਦੇ ਅਗਲੇ ਪੜਾਅ ਵਿੱਚ ਲੋਕਾਂ ਨੂੰ ਲਾਮਬੰਦ ਕਰਨ ਲਈ ਪਿੰਡ ਪਿੰਡ ਜਨਤਕ ਮੁਹਿਮ ਚਲਾਈ ਜਾਵੇਗੀ ਅਤੇ ਮਾਰਚ ਦੇ ਚੋਥੇ ਹਫ਼ਤੇ ਭਰਿਸ਼ਟਾਚਾਰ ਵਿਰੋਧੀ ਤਹਿਸੀਲ ਪੱਧਰੀ ਰੈਲੀ ਕੀਤੀ ਜਾਵੇਗੀ।

ਇਸ ਮੌਕੇ ਜਨਤਕ ਜਥੇਬੰਦੀਆਂ ਵਿੱਚ ਕਿਸਾਨ, ਮਜਦੂਰ, ਨੌਜਵਾਨ ਸਭਾਵਾਂ, ਅੰਬੇਡਕਰੀ ਸਭਾਵਾਂ ਤੇ ਇਲਾਕੇ ਦੀਆਂ ਪੰਚਾਇਤਾ ਦੇ ਨੁਮਾਇੰਦੇ ਸ਼ਾਮਲ ਸਨ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ-ਜਰਨੈਲ ਫਿਲ਼ੌਰ,ਮਾ.ਹੰਸ ਰਾਜ,ਹਨੀ ਸੰਤੋਖਪੁਰਾ, ਡਾ.ਅਸ਼ੋਕ ਕੁਮਾਰ,ਡਾ.ਸੰਦੀਪ ਸੰਤੋਖਪੁਰਾ,ਦੀਪਕ ਕੁਮਾਰ,ਸ਼ਿਵ ਕਲਸੀਨਗਰ,ਨਿੱਕਾ ਸੰਧੂ,ਨਿਤਿਨ ਕੁਮਾਰ,ਰਿੰਪੀ ਕੁਮਾਰਧੰਮਾ ਫੈਡਰੇਸ਼ਨ ਆਫ ਇੰਡੀਆ-ਐਡਵੋਕੇਟ ਸੰਜੀਵ ਭੌਰਾ,ਐਡਵੋਕੇਟ ਨਰਿੰਦਰ ਬੇਗਮਪੁਰ, ਜਮਹੂਰੀ ਕਿਸਾਨ ਸਭਾ-ਕੁਲਜੀਤ ਸਿੰਘ , ਤਰਜਿੰਦਰ ਧਾਲੀਵਾਲ ,ਕੁਲਦੀਪ ਫਿਲ਼ੌਰ,ਕਿਰਤੀ ਕਿਸਾਨ ਯੂਨੀਅਨ-ਤਰਸੇਮ ਸਿੰਘ ( ਬਲਾਕ ਪ੍ਰਧਾਨ ਫਿਲੌਰ ) ਗੁਰਨਾਮ ਤੱਗੜ ( ਬਲਾਕ ਸਕੱਤਰ ਨੂਰਮਹਿਲ ) ਬਲਦੇਵ ਸੇਲਕੀਆਣਾ (ਕਿਰਤੀ ਕਿਸਾਨ ਯੂਨੀਅਨ ),ਭੀਮ ਆਰਮੀ ਪੰਜਾਬ-ਰਾਹੁਲ ਕੋਰੀ, ਅੰਬੇਡਕਰ ਸ਼ਕਤੀ ਦਲ ਦੇ ਗੋਲਡੀ ਨਾਹਰ,ਯੂਥ ਆਗੂ ਸੁਖਵਿੰਦਰ ਲਾਡੀ-ਟਰੱਕ ਯੂਨੀਅਨ ਦੇ ਸਤਿੰਦਰ ਧੰਜੂ,ਸਰਪੰਚ ਜਗਤਪੁਰ ਪੰਜਢੇਰਾ ਅਮਰਜੀਤ ਕੁਮਾਰ ਗਗਨ,ਮੂਹ ਗ੍ਰਾਮ ਪੰਚਾਇਤ ਬ੍ਰਹਮਪੁਰੀ ਸਰਪੰਚ ਹਿਨਾ,ਗਗਨ ਕੁਮਾਰ,ਦੇਵ ਰਾਜ ਕਲੇਰ,ਆਸ਼ਾ ਰਾਣੀ ਪੰਚ,ਲਖਵੀਰ ਪੰਚ,ਗੇਜੂ ਪੰਚ,ਸਮੂਹ ਪਿੰਡ ਗੰਨਾਪਿੰਡ ਨਿਵਾਸੀ ਸੁਨੀਲ ਗੰਨਾਪਿੰਡ, ਸੰਦੀਪਕੁਮਾਰ ,ਧਰਮਿੰਦਰ ਕੁਮਾਰ ਪੰਜਾਬ ਸੂਬਾਰਡੀਨੇਟ ਸਰਵਿਸਜ ਦੇ ਸਾਥੀ, ਕਰਮਜੀਤ ਕੁਮਾਰ,ਗਗਨ, ਹੀਬਾ,ਬਲਵਿੰਦਰ ਕੁਮਾਰ,ਸ਼ਾਂਮ ਲਾਲ ,ਪ੍ਰਭਾਕਰ ਹਿਬਾ,ਬਲਜੀਤ ਕੁਮਾਰ,ਸੁਰਿੰਦਰ ਮਾਹਲਾਂ,ਪਰਸ਼ੋਤਮ ਨਗਰ,ਰਾਜਿੰਦਰ ਕੁਮਾਰ ਰਾਜੂ ਬ੍ਰਹਮਪੁਰੀ,ਪਾਇਲ ਹੀਬਾ, ਪੁਸ਼ਪਾ ਦੇਵੀ,ਚੰਦਰ ਰੇਖਾ,ਪਰਮਜੀਤ ਕੌਰ,ਰੋਜ਼ੀ,ਰੋਮੀ,ਪੂਸ਼ਾ, ਜਯੋਂਤੀ,ਬਬੀਤਾ,ਸ਼ਕੁੰਤਲਾ,ਆਸ਼ਾ ਰਾਣੀ,ਤੋਂਸ਼ੀ,ਭੋਂਲੀ,ਮਹਿੰਦਰੋਂ, ਰਾਣੀ,ਬਿੱਲੀ,ਰਾਧਾ,ਅਮਰਜੀਤ ਕੌਰ,ਬਖਸ਼ੋ,ਸੁਖਪਾਲ ਸੁੱਖਾ ਸਰਪੰਚ ਗੰਨਾ ਪਿੰਡ,ਧਰਮਿੰਦਰ ਕੁਮਾਰ ਮੈਂਬਰ ਪੰਚਾਇਤ,ਤੋਫ਼ਾ ਮੈਂਬਰ ਪੰਚਾਇਤ,ਰਣਜੀਤ ਕੁਮਾਰ ਨੰਬਰਦਾਰ ਗੰਨਾ ਪਿੰਡ ,ਬਲਵਿੰਦਰ ਕੁਮਾਰ,ਸ਼ਮੀ ਕੁਮਾਰ,ਸੁੱਖਾ ਹੀਬਾ,ਗਗਨ ਹੀਬਾ, ਪ੍ਰਭਾਕਰ ਹੀਬਾ,ਡਾਇਮੰਡ,ਲਖਵਿੰਦਰ ਕੁਮਾਰ,ਲੱਭਾ ਰਾਮ, ਰਾਜੀਵ ਕੁਮਾਰ,ਕਮਲ ਰਾਜ,ਸੱਭਾ,ਸ਼ਾਮ ਲਾਲ,ਸੁਰਜੀਤ ਕੁਮਾਰ, ਕਰਮਜੀਤ ਕੁਮਾਰ,ਗੋਪੀ,ਕਿਰਨ ਕੁਮਾਰ,ਕੁਲਦੀਪ ਕੁਮਾਰ, ਘਾਰਾ ਰਾਮ,ਬੌਬੀ,ਬਬਲੂ,ਰਿੰਕੂ,ਸ਼ਿੰਦਾ,ਡਾ. ਸ਼ਿੰਦਰਪਾਲ,ਵਿੱਕੀ, ਸੁਰਿੰਦਰ ਮਾਹਲਾ,ਰਾਮ ਸਰੂਪ,ਲਖਬੀਰ ਲਾਲ,ਮਨਜੀਤ ਕੁਮਾਰ, ਜਗਤਾਰ ਸਿੰਘ,ਸ਼ੈਲੀ,ਲਾਲਾ,ਅਜਮੇਰ ਕੁਮਾਰ ਬੀਬੀ ਹੰਸ ਕੌਰ, ਕਮਲਜੀਤ ਕੌਰ,ਕਮਲਾ ਦੇਵੀ,ਮਮਤਾ ਆਦਿ ਸ਼ਾਮਿਲ ਸਨ।

# ਲਾਇਨਜ਼ ਕਲੱਬ ਫਗਵਾੜਾ ਸਿਟੀ ਨੇ ਸ਼ੋਭਾ ਯਾਤਰਾ ਦੇ ਸਵਾਗਤ ‘ਚ ਸਿਨੇਮਾ ਰੋਡ ’ਤੇ ਲਗਾਇਆ ਲੰਗਰ



ਫਗਵਾੜਾ ( ਸੁਸ਼ੀਲ ਸ਼ਰਮਾ ) ਇਲੈਵਨ ਸਟਾਰ ਹੰਡਰਡ ਪਰਸੈਂਟ ਐਕਟਿਵ ਲਾਇਨਜ਼ ਕਲੱਬ ਫਗਵਾੜਾ ਸਿਟੀ ਵਲੋਂ ਮਹਾਸ਼ਿਵਰਾਤਰੀ ਸ਼ੋਭਾ ਯਾਤਰਾ ਦੇ ਸਵਾਗਤ ਵਿਚ ਅੱਜ ਬੱਤਰਾ ਮੋਬਾਇਲ ਸਿਨੇਮਾ ਰੋਡ ਫਗਵਾੜਾ ਵਿਖੇ ਪ੍ਰੋਜੈਕਟ ਡਾਇਰੈਕਟਰ ਲਾਇਨ ਗੱਗੀ ਬੱਤਰਾ ਅਤੇ ਕਲੱਬ ਪ੍ਰਧਾਨ ਲਾਇਨ ਜੁਗਲ ਬਵੇਜਾ ਦੀ ਅਗਵਾਈ ਹੇਠ ਪਾਸਤਾ-ਮੈਕਰੌਨੀ ਦਾ ਲੰਗਰ ਲਗਾਇਆ ਗਿਆ। ਜਿਸ ਦਾ ਉਦਘਾਟਨ ਲਾਇਨਜ਼ ਇੰਟਰਨੈਸ਼ਨਲ 321-ਡੀ ਡਿਸਟ੍ਰਿਕਟ ਕਨਵੈਨਸ਼ਨ ਚੇਅਰਮੈਨ ਲਾਇਨ ਤੇਜਿੰਦਰ ਬਾਵਾ ਐਮ.ਜੇ.ਐਫ., ਸਿਟੀ ਕੇਬਲ ਦੇ ਡਾਇਰੈਕਟਰ ਐਚ.ਐਸ. ਬਸਰਾ ਅਤੇ ਪੰਜਾਬ ਕਾਂਗਰਸ ਦੇ ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ ਨੇ ਸਾਂਝੇ ਤੌਰ ’ਤੇ ਸ਼ਿਵ ਭਗਤਾਂ ਨੂੰ ਲੰਗਰ ਵਰਤਾ ਕੇ ਕੀਤਾ। ਉਨ੍ਹਾਂ ਨੇ ਮਹਾਸ਼ਿਵਰਾਤਰੀ ਦੀਆਂ ਸ਼ੁਭ ਇੱਛਾਵਾਂ ਦਿੰਦਿਆਂ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਬਹੁਤ ਸਾਰੇ ਤਿਉਹਾਰ ਮਨਾਏ ਜਾਂਦੇ ਹਨ, ਜੋ ਸਾਨੂੰ ਉਤਸ਼ਾਹ ਨਾਲ ਜਿਉਣ ਦੀ ਪ੍ਰੇਰਨਾ ਦਿੰਦੇ ਹਨ। ਇਸੇ ਤਰ੍ਹਾਂ ਮਹਾਸ਼ਿਵਰਾਤਰੀ ਦਾ ਤਿਉਹਾਰ ਸਾਨੂੰ ਤਨ, ਮਨ ਅਤੇ ਆਤਮਾ ਨੂੰ ਸ਼ੁੱਧ ਕਰਕੇ ਜਿਉਣ ਦਾ ਸੰਦੇਸ਼ ਦਿੰਦਾ ਹੈ। ਰਿਜ਼ਨ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ ਅਤੇ ਡਿਸਟ੍ਰਿਕਟ ਚੇਅਰਮੈਨ ਲਾਇਨ ਸੁਨੀਲ ਢੀਂਗਰਾ ਨੇ ਵੀ ਮਹਾਂਸ਼ਿਵਰਾਤਰੀ ਦੀਆਂ ਸ਼ੁੱਭ ਇੱਛਾਵਾਂ ਦਿੰਦੇ ਹੋਏ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਪ੍ਰੋਜੈਕਟ ਡਾਇਰੈਕਟਰ ਲਾਇਨ ਗੱਗੀ ਬੱਤਰਾ ਨੇ ਦੱਸਿਆ ਕਿ ਉਹ ਸਾਰੇ ਧਰਮਾਂ ਦੇ ਤਿਉਹਾਰ ਇਸੇ ਉਤਸ਼ਾਹ ਨਾਲ ਮਨਾਉਂਦੇ ਹਨ, ਜਿਸ ਦਾ ਉਦੇਸ਼ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਹੈ। ਇਸ ਮੌਕੇ ਗੁਲਸ਼ਨ ਸ਼ਰਮਾ ਲੱਕੀ, ਲਾਇਨ ਵਿਜੇ ਅਰੋੜਾ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਨਾਰੰਗਸ਼ਾਹਪੁਰ ਵਿਖੇ ਵਿਦਿਆਰਥੀਆਂ ਨੂੰ ਕੀਤੀ ਸਕੂਲ ਬੈਗ ਤੇ ਸਟੇਸ਼ਨਰੀ ਦੀ ਵੰਡ







ਫਗਵਾੜਾ ( ਸੁਸ਼ੀਲ ਸ਼ਰਮਾ ) ਇੱਥੋਂ ਦੇ ਨਜਦੀਕੀ ਪਿੰਡ ਨਾਰੰਗਸ਼ਾਹਪੁਰ ਵਿਖੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੇ ਵਿਦਿਆਰਥੀਆਂ ਨੂੰ ਫਿਊਜਨ ਫਾਈਨਾਂਸ ਕੰਪਨੀ ਵਲੋਂ ਸਕੂਲੀ ਬੈਗ ਅਤੇ ਸਟੇਸ਼ਨਰੀ ਭੇਂਟ ਕੀਤੀ ਗਈ। ਇਸ ਸਬੰਧੀ ਕਰਵਾਏ ਸਮਾਗਮ ਦੌਰਾਨ ਸਕੂਲ ਦੀ ਮੁੱਖ ਅਧਿਆਪਕਾ ਮੈਡਮ ਜੋਤੀ ਸੂਦ ਨੇ ਦੱਸਿਆ ਕਿ ਇਸ ਕਪੰਨੀ ਵਲੋਂ ਸਕੂਲ ਨੂੰ ਪੀਣ ਵਾਲੇ ਪਾਣੀ ਦੀ 1500 ਲਿਟਰ ਦੀ ਟੈਂਕੀ ਲਗਵਾ ਕੇ ਦਿੱਤੀ ਗਈ ਹੈ। ਸਕੂਲ ਦੀ ਇਮਾਰਤ ਨੂੰ ਰੰਗ ਕਰਵਾਉਣ ਦੇ ਨਾਲ ਖੂਬਸੂਰਤ ਸਲੋਗਨ ਵਾਲੀ ਪੇਂਟਿਗ ਵੀ ਕਰਵਾਈ ਗਈ ਹੈ। ਜਿਸ ਦੇ ਲਈ ਉਹ ਕੰਪਨੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ। ਇਸ ਦੌਰਾਨ ਮੌਜੂਦ ਰਹੇ ਪਿੰਡ ਦੇ ਸਰਪੰਚ ਹਰਵਿੰਦਰ ਸਿੰਘ ਨੇ ਫਿਊਜਨ ਕੰਪਨੀ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਫਿਊਜਨ ਕੰਪਨੀ ਦੇ ਏ.ਵੀ.ਪੀ. ਅਨੂਪ ਤ੍ਰਿਪਾਠੀ, ਆਰ.ਐਮ. ਸਚਿਨ ਸਿੰਘ, ਐਸ. ਐਮ. ਵਿਕਾਸ ਕੁਮਾਰ, ਬੀ.ਐਮ. ਅਜੇ ਸਿੰਘ ਨੇ ਵਿਦਿਆਰਥੀਆਂ ਨੂੰ ਮਨ ਲਗਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਆ। ਸਕੂਲ ਵਲੋਂ ਕੰਪਨੀ ਦੇ ਅਧਿਕਾਰੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਕਲਸਟਰ ਇੰਚਾਰਜ ਸ਼ੀਤਲ ਜੋਸ਼ੀ, ਆਂਗਨਬਾੜੀ ਵਰਕਰ ਹਰਵਿੰਦਰ ਕੌਰ, ਫਿਊਜਨ ਕੰਪਨੀ ਦੇ ਐਡਮਿਨ ਗੁਰਜੀਤ ਸਿੰਘ, ਆਰ.ਓ. ਭਜਨ ਸਿੰਘ ਤੋਂ ਇਲਾਵਾ ਕਮਲਜੀਤ ਕੌਰ, ਬਲਵੀਰ ਕੌਰ, ਤਰਸੇਮ ਸਿੰਘ, ਗੁਰਨਾਮ ਸਿੰਘ ਪੰਚ, ਉਂਕਾਰ ਸਿੰਘ, ਹਰਦੀਪ ਸਿੰਘ, ਰਣਜੀਤ ਸਿੰਘ, ਗੁਰਬਖਸ਼ਤ ਸਿੰਘ, ਰਮਨਦੀਪ ਕੌਰ, ਅਮਰੀਕ ਸਿੰਘ ਤੇ ਜਸਵੀਰ ਸਿੰਘ ਯੂ.ਐਸ.ਏ. ਆਦਿ ਹਾਜਰ ਸਨ।

# ਗੈਰ ਸੰਚਾਰੀ ਰੋਗਾਂ ਦੀ ਰੋਕਥਾਮ ਲਈ ਕੀਤਾ ਜਾਵੇਗਾ ਹਾਊਸ ਟੂ ਹਾਊਸ ਸਰਵੇ-ਡਾ.ਰਿਚਾ ਭਾਟੀਆ

ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਗੈਰ ਸੰਚਾਰੀ ਰੋਗਾਂ ਪ੍ਰਤੀ ਜਾਗਰੂਕਤਾ ਫੈਲਾਉਣ ਅਤੇ ਸਮੇਂ ਸਿਰ ਮਰੀਜ਼ਾਂ ਵਿਚ ਇਨ੍ਹਾਂ ਦੀ ਪਛਾਣ ਕਰਨ ਲਈ ਸਿਹਤ ਵਿਭਾਗ ਵੱਲੋਂ ਹਾਊਸ ਟੂ ਹਾਊਸ ਸਰਵੇ ਕਰਵਾਇਆ ਜਾਵੇਗਾ। ਇਸ ਸੰਬਧੀ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਦਸਿਆ ਕਿ ਇਸ ਸੰਬਧੀ ਪ੍ਰੋਗਰਾਮ ਅਫਸਰਾਂ ਤੇ ਹੋਰ ਸਟਾਫ਼ ਨਾਲ ਮੀਟਿੰਗ ਕੀਤੀ ਗਈ ਹੈ। ਹਾਊਸ ਟੂ ਹਾਊਸ ਸਰਵੇ ਲਈ ਹੈਲਥ ਵਿਭਾਗ ਦੇ ਫੀਲਡ ਅਮਲੇ ਦੇ ਨਾਲ-ਨਾਲ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੂੰ ਸ਼ਾਮਿਲ ਕੀਤਾ ਜਾਏਗਾ ਤੇ ਮੁਹਿੰਮ ਨੂੰ ਨੇਪਰੇ ਚਾੜਿਆ ਜਾਏਗਾ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਗ਼ੈਰ ਸੰਚਾਰਿ ਰੋਗਾਂ ਜਿਵੇਂ ਕਿ ਡਾਇਬਟੀਜ਼,ਕੈਂਸਰ ਸਟ੍ਰੋਕ ਜਿਹੀਆਂ ਬਿਮਾਰੀਆਂ ਦੀ ਸਮੇਂ ਸਿਰ ਰੋਕਥਾਮ ਲਈ ਗੰਭੀਰ ਹੈ। ਇਸ ਪ੍ਰੋਗਰਾਮ ਦਾ ਉਦੇਸ਼ ਹੀ ਲੋਕਾਂ ਵਿਚ ਇੰਨਾ ਬਿਮਾਰੀਆਂ ਦੇ ਲੱਛਣਾਂ,ਕਾਰਨਾਂ ਤੇ ਇਲਾਜ ਲਈ ਜਾਗਰੂਕਤਾ ਫੈਲਾਉਣਾ ਹੈ। ਡਾਕਟਰ ਰਿਚਾ ਭਾਟੀਆ ਨੇ ਇਹ ਵੀ ਦਸਿਆ ਕਿ ਟੀਮਾਂ ਦਾ ਗਠਨ ਜਲਦ ਹੀ ਕਰ ਦਿੱਤਾ ਜਾਵੇਗਾ ਤੇ ਉਕਤ ਟੀਮਾਂ ਘਰ-ਘਰ ਜਾ ਕੇ ਡਾਇਬੀਟੀਜ਼,ਬੀ.ਪੀ.ਦੀ ਸਕਰੀਨਿੰਗ ਵੀ ਕਰਨਗੀਆਂ ਤੇ ਆਸ਼ਾ ਵੱਲੋਂ ਮੌਕੇ ਤੇ ਸੀ ਬੈਕ ਫਾਰਮਾਂ ਵੀ ਭਰੇ ਜਾਣਗੇ ਤੇ ਸਾਰਾ ਡਾਟਾ ਆਨਲਾਈਨ ਪੋਰਟਲ ਤੇ ਵੀ ਚੜਾਇਆ ਜਾਏਗਾ। ਇਸ ਮੌਕੇ ਤੇ ਜ਼ਿਲਾ ਸਿਹਤ ਅਫ਼ਸਰ ਡਾ.ਰਾਜੀਵ ਪ੍ਰਾਸ਼ਰ,ਜ਼ਿਲਾ ਪਰਿਵਾਰ ਭਲਾਈ ਅਫ਼ਸਰ ਡਾ.ਅਸ਼ੋਕ ਕੁਮਾਰ, ਜ਼ਿਲਾ ਟੀਕਾਕਰਨ ਅਫ਼ਸਰ ਡਾ.ਰਣਦੀਪ ਸਿੰਘ,ਡਾ. ਰਾਜੀਵ ਭਗਤ, ਡੀ. ਐਮ.ਈ.ਓ.ਰਾਮ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖ ਦਿਆਲ ਸਿੰਘ,ਸੁਪ੍ਰਿੰਟੈਂਡੈਂਟ ਰਾਮ ਅਵਤਾਰ,ਜੀ.ਬੀ.ਨਰਸਿੰਗ ਕਾਲਜ ਦੇ ਟੀਚਰ ਹੀਨਾ ਮੈਡਮ, ਬੀ.ਈ.ਈ.ਰਵਿੰਦਰ ਜੱਸਲ,ਸਟੈਨੋ ਅਮਰੀਕ ਸਿੰਘ ਵੀ ਹਾਜ਼ਰ ਸਨ।





# ਸੰਘਰਸ਼ ਦੀ ਗਾਥਾ ਆਪਣੇ ਪਿੰਡੇ ਤੇ ਹੰਢਾਉਂਦਿਆਂ ਪੰਜਾਬ ਦੀ ਆਰਥਿਕਤਾ ਅਤੇ ਆਮ ਲੋਕਾਂ ਲਈ ਇੱਕ ਰਚਨਾਤਮਕ ਨੈਰੇਟਿਵ (ਬਿਰਤਾਂਤ) ਸਿਰਜਿਆ



ਫਗਵਾੜਾ (ਸੁਸ਼ੀਲ ਸ਼ਰਮਾ)ਪੰਜਾਬੀ ਵਿਰਸਾ ਟਰੱਸਟ ਦੇ ਪ੍ਰਧਾਨ ਪ੍ਰੋ: ਜਸਵੰਤ ਸਿੰਘ ਗੰਡਮ ਨੇ ਜੀਅ ਆਇਆਂ ਅਤੇ ਸਮਾਗਮ ਦੇ ਪ੍ਰਬੰਧਕ ਪ੍ਰਿੰ. ਗੁਰਮੀਤ ਸਿੰਘ ਪਲਾਹੀ ਨੇ ਸਟੇਜ ਸੰਚਾਲਨ ਕੀਤਾ ਅਤੇ ਧੰਨਵਾਦੀ ਸ਼ਬਦ ਕਹੇ। ਇਸ ਸਮੇਂ ਹੋਰਨਾਂ ਤੋਂ ਬਿਨ੍ਹਾਂ ਟੀ.ਡੀ. ਚਾਵਲਾ, ਸੁਖਵਿੰਦਰ ਸਿੰਘ, ਰਘਬੀਰ ਸਿੰਘ ਮਾਨ, ਦੀਦਾਰ ਸਿੰਘ ਸ਼ੇਤਰਾ, ਕਮਲੇਸ਼ ਸੰਧੂ, ਐਡਵੋਕੇਟ ਐਸ.ਐਲ. ਵਿਰਦੀ, ਪਰਵਿੰਦਰਜੀਤ ਸਿੰਘ ਆਦਿ ਹਾਜ਼ਰ ਸਨ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕੱਚੇ ਮਕਾਨਾਂ 'ਚ ਰਹਿ ਰਹੇ ਲੋੜਵੰਦ ਪਰਿਵਾਰਾਂ ਦੀ ਰਜਿਸਟ੍ਰੇਸ਼ਨ ਲਈ ਪਿੰਡਾਂ 'ਚ ਸਰਵੇ ਦਾ ਕੰਮ ਜਾਰੀ - ਰਾਮਪਾਲ ਰਾਣਾ

ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਤਹਿਤ ਪੇਂਡੂ ਖੇਤਰਾਂ ਵਿਚ ਕੱਚੇ ਮਕਾਨਾਂ ਵਿਚ ਰਹਿ ਰਹੇ ਲੋੜਵੰਦ ਪਰਿਵਾਰਾਂ ਨੂੰ ਇਸ ਸਕੀਮ ਅਧੀਨ ਰਜਿਸਟਰਡ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮੋਬਾਈਲ ਐਪਲੀਕੇਸ਼ਨ ਰਾਹੀਂ ਸਰਵੇਖਣ ਕਰਵਾਇਆ ਜਾ ਰਿਹਾ ਹੈ ਤਾਂ ਜੋ ਇਸ ਸਕੀਮ ਦਾ ਲਾਭ ਹਰ ਲੋੜਵੰਦ ਤੱਕ ਪੁੱਜਦਾ ਕੀਤਾ ਜਾ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬੀ.ਡੀ.ਪੀ.ਓ. ਫਗਵਾੜਾ ਰਾਮਪਾਲ ਸਿੰਘ ਰਾਣਾ ਨੇ ਦੱਸਿਆ ਕਿ ਐਪਲੀਕੇਸ਼ਨ ਦੋ ਮੋਡ ਜਿਹਨਾਂ ਵਿਚ ਪਹਿਲਾ ਅਸਿਸਟਡ ਸਰਵੇ ਅਤੇ ਦੂਸਰਾ ਸੈਲਫ ਸਰਵੇ ਮੋਡ ਵਿਚ ਕੰਮ ਕਰਦੀ ਹੈ। ਉਹਨਾਂ ਦੱਸਿਆ ਕਿ ਬਲਾਕ ਫਗਵਾੜਾ ਦੀਆਂ 91 ਪੰਚਾਇਤਾਂ ਲਈ ਵੱਖ-ਵੱਖ ਸਰਵੇਅਰ ਨਿਯੁਕਤ ਕੀਤੇ ਗਏ ਹਨ। ਇਸ ਸਕੀਮ ਸੰਬੰਧੀ ਜਾਣਕਾਰੀ www.pmayg.nic.in ਵੈੱਬਸਾਈਟ 'ਤੇ ਵੀ ਉਪਲਬਧ ਹੈ। ਇਸ ਦੌਰਾਨ ਏ.ਪੀ.ਓ. (ਮਗਨਰੇਗਾ) ਸੁਰਿੰਦਰਪਾਲ ਸਿੰਘ ਨੇ ਬਲਾਕ ਫਗਵਾੜਾ ਦੇ ਸਮੂਹ ਪੰਚਾਂ ਸਰਪੰਚਾਂ ਨੂੰ ਕਿਹਾ ਕਿ ਉਹ ਆਪੋ ਆਪਣੇ ਪਿੰਡਾਂ ਵਿਚ ਚੱਲ ਰਹੇ ਸਰਵੇ ਦੇ ਕੰਮ ਵਿਚ ਸਹਿਯੋਗ ਦੇਣ ਤਾਂ ਜੋ ਪਿੰਡਾਂ ਵਿਚ ਕੱਚੇ ਮਕਾਨਾਂ ਵਿਚ ਰਹਿ ਰਹੇ ਸਾਰੇ ਯੋਗ ਪਰਿਵਾਰਾਂ ਨੂੰ ਜਲਦੀ ਤੋਂ





ਜਲਦੀ ਰਜਿਸਟਰਡ ਕਰਵਾਉਣਾ ਯਕੀਨੀ ਬਣਾਇਆ ਜਾ ਸਕੇ। ਉਹਨਾਂ ਕਿਹਾ ਕਿ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਹੋਰ ਜਾਣਕਾਰੀ ਲੈਣ ਲਈ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਕਤ ਅਧਿਕਾਰੀਆਂ ਨੇ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣ ਲਈ ਅਧਾਰ ਕਾਰਡ, ਬੈਂਕ ਦੀ ਕਾਪੀ, ਵੋਟਰ ਕਾਰਡ ਅਤੇ ਦੋ ਪਾਸਪੋਰਟ ਸਾਈਜ ਦੀਆਂ ਫੋਟੋਆਂ ਲੋੜੀਂਦੀਆਂ ਹਨ। ਪੱਕੀਆਂ ਛੱਤਾਂ ਦੀ ਉਸਾਰੀ ਲਈ ਤਿੰਨ ਕਿਸ਼ਤਾਂ ਵਿਚ ਭੁਗਤਾਨ ਕੀਤਾ ਜਾਵੇਗਾ। ਇਸ ਸਬੰਧੀ ਸਰਵੇ ਦੀ ਆਖਰੀ ਤਾਰੀਖ 31 ਮਾਰਚ ਹੈ।

# ਐਸ.ਡੀ.ਐਮ.ਜਸ਼ਨਜੀਤ ਸਿੰਘ ਵਲੋਂ ਤਹਿਸੀਲ ਦੀ ਚੈਕਿੰਗ





ਫਗਵਾੜਾ (ਸੁਸ਼ੀਲ ਸ਼ਰਮਾ) ਫਗਵਾੜਾ ਵਿਖੇ ਐਸ.ਡੀ.ਐਮ.ਜਸ਼ਨਜੀਤ ਸਿੰਘ ਵਲੋਂ ਅੱਜ ਤਹਿਸੀਲ ਦਾ ਦੌਰਾ ਕਰਕੇ ਜਿੱਥੇ ਕੰਮਕਾਜ ਦਾ ਜਾਇਜ਼ਾ ਲਿਆ ਗਿਆ ਉੱਥੇ ਹੀ ਉਨ੍ਹਾਂ ਤਹਿਸੀਲ ਵਿਖੇ ਕੰਮ ਕਰਵਾਉਣ ਆਏ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਲਈ ਅਧਿਕਾਰੀਆਂ ਨੂੰ ਤੁਰੰਤ ਨਿਰਦੇਸ਼ ਜਾਰੀ ਕੀਤੇ।
ਉਨ੍ਹਾਂ ਰਜਿਸਟਰੀ ਤੇ ਹੋਰ ਸੇਵਾਵਾਂ ਲੈਣ ਆਏ ਲੋਕਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਲੋਕਾਂ ਨੂੰ ਮਾਲ ਤੇ ਹੋਰਨਾਂ ਵਿਭਾਗਾਂ ਨਾਲ ਸਬੰਧਿਤ ਸੇਵਾਵਾਂ ਨਿਰਵਿਘਨ ਤਰੀਕੇ ਨਾਲ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।
ਉਨ੍ਹਾਂ ਤਹਿਸੀਲ ਵਿਖੇ ਰਿਕਾਰਡ ਦੀ ਸਾਂਭ ਸੰਭਾਲ,ਲੋਕਾਂ ਦੇ ਬੈਠਣ,ਪੀਣ ਵਾਲੇ ਪਾਣੀ ਦੇ ਪ੍ਰਬੰਧ ਆਦਿ ਦਾ ਵੀ ਜਾਇਜ਼ਾ ਲਿਆ। ਇਸ ਤੋਂ ਇਲਾਵਾ ਉਨ੍ਹਾਂ ਵਸੀਕਾ ਨਵੀਸਾਂ ਦੇ ਚੈਂਬਰਾਂ ਦਾ ਵੀ ਦੌਰਾ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ।

# ਪੰਜਾਬੀ ਵਿਰਸਾ ਟਰੱਸਟ ਵੱਲੋਂ ਮਾਣ ਮੱਤਾ ਪੱਤਰਕਾਰ ਪੁਰਸਕਾਰ ਸਨਮਾਨ ਘੁੰਮਣ ਅਤੇ ਚਨਾਰਥਲ ਨੂੰ ਕੀਤਾ ਗਿਆ ਪ੍ਰਦਾਨ, ਪੰਜਾਬ ਚੇਤਨਾ ਮੰਚ ਵੱਲੋਂ ਪੰਜਾਬ ਦੀਆਂ ਸਮੱਸਿਆਵਾਂ ਬਾਰੇ ਕਰਵਾਇਆ ਗਿਆ ਸੈਮੀਨਾਰ

ਫਗਵਾੜਾ, (ਸੁਸ਼ੀਲ ਸ਼ਰਮਾ ) ਪੰਜਾਬੀ ਵਿਰਸਾ ਟਰੱਸਟ (ਰਜਿ:) ਫਗਵਾੜਾ ਵੱਲੋਂ ਪੰਜਾਬ ਚੇਤਨਾ ਮੰਚ ਦੇ ਸਹਿਯੋਗ ਨਾਲ ਫਗਵਾੜਾ ਵਿਖੇ ਮਾਣ ਮੱਤਾ ਪੱਤਰਕਾਰ ਪੁਰਸਕਾਰ-2024 ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਡਾ. ਵਰਿਆਮ ਸਿੰਘ ਸੰਧੂ, ਸਤਨਾਮ ਸਿੰਘ ਮਾਣਕ, ਡਾ. ਲਖਵਿੰਦਰ ਸਿੰਘ ਜੌਹਲ, ਡਾ. ਰਣਜੀਤ ਸਿੰਘ ਘੁੰਮਣ, ਦੀਪਕ ਸ਼ਰਮਾ ਚਨਾਰਥਲ, ਪ੍ਰੋ. ਜਸਵੰਤ ਸਿੰਘ ਗੰਡਮ ਅਤੇ ਸਮਾਜ ਸੇਵੀ ਅਵਤਾਰ ਸਿੰਘ ਸਪਰਿੰਗਫੀਲਡ (ਯੂ.ਐਸ.ਏ.) ਨੇ ਕੀਤੀ। ਇਸ ਸਮਾਗਮ ਵਿੱਚ ਪ੍ਰਸਿੱਧ ਅਰਥ-ਸ਼ਾਸਤਰੀ ਅਤੇ ਕਾਲਮਨਵੀਸ ਡਾ. ਰਣਜੀਤ ਸਿੰਘ ਘੁੰਮਣ ਅਤੇ ਪ੍ਰਸਿੱਧ ਫੀਲਡ ਪੱਤਰਕਾਰ ਦੀਪਕ ਸ਼ਰਮਾ ਚਨਾਰਥਲ ਨੂੰ ਮਾਣ ਪੱਤਰ, ਮੋਮੈਂਟੋ, ਦੁਸ਼ਾਲਾ ਤੇ ਨਕਦ ਰਾਸ਼ੀ ਦਿੱਤੀ ਗਈ। ਇਸ ਮੌਕੇ ਡਾ. ਹਰਪ੍ਰੀਤ ਕੌਰ ਖ਼ਾਲਸਾ ਵੱਲੋਂ ਪੰਜਾਬੀ ਤੇ ਅੰਗਰੇਜ਼ੀ ਚ ਲਿਖੀ ਪੁਸਤਕ ਤੋਸ਼ਾਖਾਨਾ ਲੋਕ ਅਰਪਨ ਕੀਤੀ ਗਈ। ਡਾ.ਰਣਜੀਤ ਸਿੰਘ ਘੁੰਮਣ ਅਤੇ ਸਤਨਾਮ ਸਿੰਘ ਮਾਣਕ ਨੇ ਪੰਜਾਬ ਦੀਆਂ ਚਣੌਤੀਆਂ ਅਤੇ ਸੰਭਾਵਨਾਵਾਂ ਵਿਸ਼ੇ ਤੇ ਇਸ ਸਮੇਂ ਵਿਚਾਰ ਪੇਸ਼ ਕੀਤੇ।
ਉਹਨਾਂ ਕਿਹਾ ਕਿ ਪੰਜਾਬ ਬਹੁਪੱਖੀ ਸੰਕਟਾਂ ਵਿੱਚ ਘਿਰਿਆ ਹੋਇਆ ਹੈ। ਹਰੀ ਕ੍ਰਾਂਤੀ ਨੇ ਪੰਜਾਬ ਦੀ ਆਰਥਿਕਤਾ ਤਾਂ ਮਜ਼ਬੂਤ ਕੀਤੀ, ਪਰ ਇਹ ਵਿਕਾਸ ਮਾਡਲ ਟਿਕਾਊ ਅਤੇ ਦੀਰਘ ਕਾਲਕ ਨਹੀਂ ਬਣ ਸਕਿਆ, ਜਿਸ ਦੀ ਜ਼ੁੰਮੇਵਾਰੀ ਸਿਆਸੀ ਲੀਡਰਸ਼ਿਪ ਅੰਦਰ ਦੂਰ ਦ੍ਰਿਸ਼ਟੀ ਦੀ ਘਾਟ, ਸਮੱਸਿਆਵਾਂ ਨੂੰ ਸਵਿਕਾਰ ਨਾ ਕਰਨਾ ਅਤੇ ਉਹਨਾ ਦੇ ਹੱਲ ਨਾ ਲੱਭਣਾ ਹੈ। ਉਹਨਾ ਕਿਹਾ ਕਿ ਅੰਤਾਂ ਦੀ ਬੇਰੁਜ਼ਗਾਰੀ, ਮੁਫ਼ਤਖੋਰੀ, ਭ੍ਰਿਸ਼ਟਾਚਾਰ ਅਤੇ ਨਸ਼ਿਆਂ ਦੀ ਭਰਮਾਰ ਕਾਰਨ ਪੰਜਾਬ ਚ ਪ੍ਰਵਾਸ ਵੱਧ ਰਿਹਾ ਹੈ।
ਪ੍ਰੋ: ਰਣਜੀਤ ਸਿੰਘ ਘੁੰਮਣ ਅਨੁਸਾਰ 1970 ਵਿਆਂ ਅਤੇ 1990 ਵਿਆਂ ਦੇ ਸ਼ੁਰੂ ਤੱਕ ਪੰਜਾਬੀ ਵਿਕਾਸ ਦਰ ਅਤੇ ਪ੍ਰਤੀ ਵਿਅਕਤੀ ਆਮਦਨ ਵਿੱਚ ਮੋਹਰੀ ਸੂਬਾ ਸੀ ਪਰ ਹੁਣ ਇਹ ਹੇਠਾਂ ਖਿਸਕ ਰਿਹਾ ਹੈ। ਉਹਨਾਂ ਅਨੁਸਾਰ ਨੀਤੀ ਆਯੋਗ ਦੇ ਅੰਕੜਿਆਂ ਅਨੁਸਾਰ ਵਿੱਤੀ ਸਿਹਤ ਸੂਚਕ ਅੰਕ ਵਿੱਚ ਦੇਸ਼ ਦੇ 18 ਮੁੱਖ ਪ੍ਰਾਂਤਾਂ ਵਿੱਚੋਂ ਪੰਜਾਬ 18ਵੇਂ ਨੰਬਰ ਤੇ ਹੈ। ਉਹਨਾਂ ਕਿਹਾ ਕਿ ਸਾਲ 1990-1991 ਵਿੱਚ ਪੰਜਾਬ ਸਿਰ 7102 ਕਰੋੜ ਰੁਪਏ ਕਰਜ਼ਾ ਸੀ ਜੋ ਹੁਣ 3 ਲੱਖ 74 ਹਜ਼ਾਰ ਕਰੋੜ ਰੁਪਏ ਤੱਕ ਪੁੱਜ ਗਿਆ ਹੈ। ਉਹਨਾ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਮੁੜ ਸੁਰਜੀਤ ਕਰਨ ਲਈ ਸਿਆਸਤ ਨੂੰ ਠੀਕ ਲੀਹਾਂ ਤੇ ਤੋਰਨਾ ਪਵੇਗਾ। ਇਸ ਲਈ ਸੰਸਥਾਗਤ ਢਾਂਚਾ ਠੀਕ ਕਰਨਾ, ਨਿਵੇਸ਼ ਲਈ ਹਾਂ-ਪੱਖੀ ਮਾਹੌਲ ਸਥਾਪਤ ਕਰਨਾ, ਟੈਕਸਾਂ ਦੀ ਠੀਕ ਉਗਰਾਹੀ ਕਰਨਾ, ਸਰਕਾਰੀ ਖ਼ਜ਼ਾਨੇ ਵਿੱਚ ਸਮੁੱਚੇ ਸੰਗਠਿਤ ਵਿੱਤੀ ਸਾਧਨ ਲਿਆਉਣਾ, ਜਨਤਕ ਵਿੱਤੀ ਸਾਧਨਾਂ ਦਾ ਢੁਕਵਾਂ ਉਪਯੋਗ, ਮੁਫ਼ਤਖੋਰੀਆਂ ਅਤੇ ਸਬਸਿਡੀਆਂ ਨੂੰ ਤਰਕਸ਼ੀਲ ਬਣਾਉਣਾ, ਕੇਂਦਰੀ ਸਕੀਮਾਂ ਤੋਂ ਵੱਧ ਤੋਂ ਵੱਧ ਫਾਇਦਾ ਚੁੱਕਣਾ, ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰਨੇ, ਖੇਤੀ ਖੇਤਰ ਅਤੇ ਲਘੂ ਅਤੇ ਛੋਟੇ ਉਦਯੋਗਾਂ ਦੀ ਉੱਨਤੀ ਲਈ ਢੁੱਕਵਾਂ ਮਾਹੌਲ ਤਿਆਰ ਕਰਨਾ ਵਾਹਗਾ-ਅਟਾਰੀ ਬਾਰਡਰ ਰਾਹੀਂ ਵਪਾਰ ਵਧਾਉਣਾ ਆਦਿ ਕੁਝ ਜ਼ਰੂਰੀ ਪਹਿਲਕਦਮੀਆਂ ਦੀ ਜ਼ਰੂਰਤ ਹੈ।
ਸਤਨਾਮ ਸਿੰਘ ਮਾਣਕ ਨੇ ਹੋਰ ਕਿਹਾ ਕਿ ਦੇਸ਼ ਦੀ ਵੰਡ ਜਿਹੜੀ ਕਿ ਦੋ ਕੌਮੀ ਥਿਊਰੀ ਕਾਰਨ ਹੋਈ ਸੀ, ਨੇ ਪੰਜਾਬ ਨੂੰ ਢਾਅ ਲਾਈ, ਪਰ ਆਰ.ਐਸ.ਐਸ.ਦੇ ਵੱਧ ਰਹੇ ਪ੍ਰਭਾਵ ਕਾਰਨ ਦੇਸ਼ ਅੰਦਰ ਇਹ ਥਿਊਰੀ ਮੁੜ ਲਾਗੂ ਕਰਨ ਦੀਆਂ ਸਾਜ਼ਿਸ਼ਾਂ ਹੋ ਰਹੀਆਂ ਹਨ। ਪਾਕਿਸਤਾਨ ਧਰਮ ਅਧਾਰਿਤ ਦੇਸ਼ ਹੈ, ਜਿਸ ਕਾਰਨ ਉਹ ਅਤਿਵਾਦ ਬਰਾਮਦ ਕਰਨ ਵਾਲਾ ਦੇਸ਼ ਕਿਹਾ ਜਾਂਦਾ ਹੈ। ਉਹਨਾ ਚਿਤਾਵਨੀ ਦਿੱਤੀ ਕਿ ਜੇ ਕਿਤੇ ਭਾਜਪਾ ਨੂੰ 350 ਤੋਂ ਵੱਧ ਸੀਟਾਂ ਮਿਲ ਜਾਂਦੀਆਂ ਤਾਂ ਭਾਰਤ ਵੀ ਹੁਣ ਤੱਕ ਧਰਮ ਅਧਾਰਿਤ ਦੇਸ਼ ਹੋਣਾ ਸੀ ਤੇ ਸਾਡਾ ਸੰਵਿਧਾਨ , ਲੋਕਤੰਤਰ ਅਤੇ ਧਰਮ ਨਿਰਪੱਖਤਾ ਵਾਲੇ ਸਿਧਾਂਤ ਨੂੰ ਤਿਲਾਂਜਲੀ ਦਿੱਤੀ ਜਾ ਚੁੱਕੀ ਹੋਣੀ ਸੀ। ਉਹਨਾ ਕਿਹਾ ਕਿ ਅਜੇ ਵੀ ਦੇਸ਼ ਦੀ ਆਰਥਿਕ, ਭਾਸ਼ਾਈ ਅਤੇ ਸਭਿਆਚਾਰਕ ਵਿਭਿੰਨਤਾ ਨੂੰ ਖ਼ਤਰਾ ਬਰਕਰਾਰ ਹੈ, ਜਿਸ ਲਈ ਸਾਨੂੰ ਸਭ ਨੂੰ ਸੁਚੇਤ ਹੋਣਾ ਚਾਹੀਦਾ ਹੈ।
ਇਸ ਮੌਕੇ ਪ੍ਰਸਿੱਧ ਕਹਾਣੀਕਾਰ ਅਤੇ ਸਮਾਗਮ ਦੇ ਮੁੱਖ ਮਹਿਮਾਨ ਪ੍ਰੋ. ਵਰਿਆਮ ਸਿੰਘ ਸੰਧੂ ਨੇ ਕਿਹਾ ਕਿ ਜ਼ੁਬਾਨਾਂ ਨੂੰ ਧਰਮ ਦੇ ਅਧਾਰ ਤੇ ਨਹੀਂ ਵੰਡਣਾ ਚਾਹੀਦਾ ਹੈ। ਉਹਨਾ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀ ਫਿਲਾਸਫੀ ਇਨਸਾਨੀਅਤ ਦੀ ਫਿਲਾਸਫੀ ਹੈ ਅਤੇ ਸਿੱਖ ਗੁਰੂਆਂ ਨੇ ਇਨਸਾਨੀ ਪਹਿਚਾਣ ਦੱਸਦਿਆਂ ਭਾਈ ਲਾਲੋਆਂ ਨੂੰ ਹਿੱਕ ਨਾਲ ਲਾਇਆ ਅਤੇ ਮਲਿਕ ਭਾਗੋਆਂ ਨੂੰ ਆਪਣੇ ਤੋਂ ਦੂਰ ਰੱਖਿਆ। ਉਹਨਾ ਨੇ ਕਿਹਾ ਕਿ ਹਿੰਦੋਸਤਾਨ ਸ਼ਬਦ ਸਭ ਤੋਂ ਪਹਿਲਾਂ ਗੁਰੂ ਨਾਨਕ ਦੇਵ ਜੀ ਨੇ ਵਰਤਿਆ। ਪਰ ਹੁਣ ਇਸ ਹਿੰਦੋਸਤਾਨ ਨੂੰ ਹਿੰਦੂ ਸਥਾਨ ਬਨਾਉਣ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਉਹਨਾ ਨੇ ਖਰੀ ਗੱਲ ਕਰਨ ਵਾਲੇ ਅਤੇ ਸਮੇਂ ਦਾ ਸੱਚ ਕਹਿਣ ਵਾਲਿਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਲੋਕਾਂ ਦੀ ਗਿਣਤੀ ਬਹੁਤ ਘੱਟ ਹੋ ਗਈ ਹੈ। ਉਹਨਾ ਨੇ ਇਸ ਗੱਲੋਂ ਪ੍ਰੋ. ਰਣਜੀਤ ਸਿੰਘ ਘੁੰਮਣ ਅਤੇ ਦੀਪਕ ਸ਼ਰਮਾ ਚਨਾਰਥਲ ਅਤੇ ਪੰਜਾਬੀ ਵਿਰਸਾ ਟਰੱਸਟ ਦੇ ਪ੍ਰਬੰਧਕਾਂ ਦੀ ਪ੍ਰਸੰਸਾ ਕੀਤੀ।
ਇਸ ਮੌਕੇ ਪੰਜਾਬ ਚੇਤਨਾ ਮੰਚ ਦੇ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ ਨੇ ਪ੍ਰੋ. ਰਣਜੀਤ ਸਿੰਘ ਘੁੰਮਣ ਅਤੇ ਦੀਪਕ ਸ਼ਰਮਾ ਚਨਾਰਥਲ ਬਾਰੇ ਬੋਲਦਿਆਂ ਕਿਹਾ ਕਿ ਉਹ ਦੋਵੇਂ ਪੰਜਾਬੀ ਭਾਸ਼ਾ ਅਤੇ ਸੂਬੇ ਦੀ ਸਥਿਤੀ ਬਾਰੇ ਸਜੱਗ ਸਖ਼ਸ਼ੀਅਤਾਂ ਹਨ ਜਿਹਨਾ ਨੇ ਸੰਘਰਸ਼ ਦੀ ਗਾਥਾ ਆਪਣੇ ਪਿੰਡੇ ਤੇ ਹੰਢਾਉਂਦਿਆਂ ਪੰਜਾਬ ਦੀ ਆਰਥਿਕਤਾ ਅਤੇ ਆਮ ਲੋਕਾਂ ਲਈ ਇੱਕ ਰਚਨਾਤਮਕ ਨੈਰੇਟਿਵ (ਬਿਰਤਾਂਤ) ਸਿਰਜਿਆ। ਰਵਿੰਦਰ ਚੋਟ ਅਤੇ ਬਲਦੇਵ ਰਾਜ ਕੋਮਲ ਨੇ ਮਾਣ ਪੱਤਰ ਪੜ੍ਹਿਆ।
ਪੰਜਾਬੀ ਵਿਰਸਾ ਟਰੱਸਟ ਦੇ ਪ੍ਰਧਾਨ ਪ੍ਰੋ: ਜਸਵੰਤ ਸਿੰਘ ਗੰਡਮ ਨੇ ਜੀਅ ਆਇਆਂ ਅਤੇ ਸਮਾਗਮ ਦੇ ਪ੍ਰਬੰਧਕ ਪ੍ਰਿੰ. ਗੁਰਮੀਤ ਸਿੰਘ ਪਲਾਹੀ ਨੇ ਸਟੇਜ ਸੰਚਾਲਨ ਕੀਤਾ ਅਤੇ ਧੰਨਵਾਦੀ ਸ਼ਬਦ ਕਹੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਟੀ.ਡੀ. ਚਾਵਲਾ, ਸੁਖਵਿੰਦਰ ਸਿੰਘ, ਰਘਬੀਰ ਸਿੰਘ ਮਾਨ, ਦੀਦਾਰ ਸਿੰਘ ਸ਼ੇਤਰਾ, ਕਮਲੇਸ਼ ਸੰਧੂ, ਐਡਵੋਕੇਟ ਐਸ.ਐਲ. ਵਿਰਦੀ, ਪਰਵਿੰਦਰਜੀਤ ਸਿੰਘ ਆਦਿ ਹਾਜ਼ਰ ਸਨ।



# ਸ਼ੂਗਰ,ਹਾਈਪਰਟੈਨਸ਼ਨ ਅਤੇ ਕੈਂਸਰ ਦਾ ਜਲਦ ਪਤਾ ਲਗਾਉਣ ਲਈ 30 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਦੀ ਜਾਂਚ ਜ਼ਰੂਰੀ-ਸਿਵਲ ਸਰਜਨ ਡਾ. ਗੁਰਮੀਤ ਲਾਲ

ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਵਧੀਆ ਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ 31 ਮਾਰਚ ਤਕ ਗੈਰ ਸੰਚਾਰੀ ਬਿਮਾਰੀਆਂ ਪ੍ਰਤੀ ਜਾਂਚ ਕਰਨ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਦੇ ਮੱਦੇਨਜਰ ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਗੈਰ ਸੰਚਾਰੀ ਬਿਮਾਰੀਆਂ ਦੀ ਪਛਾਣ ਅਤੇ ਰੋਕਥਾਮ ਲਈ ਸੋਮਵਾਰ ਨੂੰ ਸਿਵਲ ਸਰਜਨ ਦਫ਼ਤਰ ਵਿਖੇ ਜਿਲ੍ਹੇ ਦੇ ਸੀ.ਐਚ.ਓਜ਼ ਲਈ ਤਿੰਨ ਰੋਜਾ ਟ੍ਰੇਨਿੰਗ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਮੰਤਵ 30 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਦੀ ਦੇਖਭਾਲ ਅਤੇ ਗੈਰ ਸੰਚਾਰੀ ਬਿਮਾਰੀਆਂ ਪ੍ਰਤੀ ਹੈਲਥ ਚੈਕਅਪ ਕਰਨਾ ਅਤੇ ਇਸ ਦਾ ਡਾਟਾ ਐਨ.ਸੀ.ਡੀ. ਪੋਰਟਲ 'ਤੇ ਅਪਲੋਡ ਕਰਨਾ ਹੈ।

ਸਿਵਲ ਸਰਜਨ ਡਾ.ਗੁਰਮੀਤ ਲਾਲ ਵੱਲੋਂ ਦੱਸਿਆ ਗਿਆ ਕਿ ਇਸ ਮੁਹਿੰਮ ਤਹਿਤ 30 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਦੀ ਐਨ. ਸੀ.ਡੀ.,ਜਿਸ ਵਿੱਚ ਸ਼ੂਗਰ, ਹਾਈਪਰਟੈਨਸ਼ਨ ਅਤੇ ਤਿੰਨ ਤਰ੍ਹਾਂ ਦੇ ਕੈਂਸਰ-ਮੂੰਹ,ਛਾਤੀ ਅਤੇ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਸ਼ਾਮਲ ਹਨ,ਦੀ ਐਨ.ਸੀ.ਡੀ.ਸਕ੍ਰੀਨਿੰਗ ਕੀਤੀ ਜਾ ਰਹੀ ਹੈ ਤਾਂ ਜੋ ਇਨ੍ਹਾਂ ਬਿਮਾਰੀਆਂ ਦੀ ਸ਼ੁਰੂਆਤੀ ਦੌਰ ਚ ਹੀ ਪਛਾਣ ਕਰਕੇ ਉਨ੍ਹਾਂ ਦਾ ਬਣਦਾ ਇਲਾਜ ਸ਼ੁਰੂ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਗੈਰ-ਸੰਚਾਰੀ ਬਿਮਾਰੀਆਂ ਆਮ ਤੌਰ ਤੇ ਲੰਬੇ ਸਮੇਂ ਦੀਆਂ ਬਿਮਾਰੀਆਂ ਹੁੰਦੀਆਂ ਹਨ ਜਿਨ੍ਹਾਂ ਨੂੰ ਠੀਕ ਹੋਣ ਵਿੱਚ ਸਮਾਂ ਲੱਗਦਾ ਹੈ ਅਤੇ ਅਜਿਹੀਆਂ ਬਿਮਾਰੀਆਂ ਦੀ ਨਿਰੰਤਰ ਅਤੇ ਸਮੇਂ ਸਿਰ ਜਾਂਚ ਮਹੱਤਵਪੂਰਨ ਹੁੰਦੀ ਹੈ।



ਸਿਵਲ ਸਰਜਨ ਵੱਲੋਂ ਟ੍ਰੇਨਿੰਗ ਸੈਸ਼ਨ ਦੌਰਾਨ ਸੀ.ਐਚ.ਓਜ਼ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਨ੍ਹਾਂ ਅਧੀਨ ਆਉਂਦੇ ਖੇਤਰਾਂ ਦੇ 30 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਦੀ ਐਨ.ਸੀ.ਡੀ.ਸਕ੍ਰੀਨਿੰਗ ਕਰਨਾ ਅਤੇ ਗੈਰ ਸੰਚਾਰੀ ਬਿਮਾਰੀਆਂ ਬਾਰੇ ਲੋਕਾਂ ਨੂੰ ਵੱਧ ਤੋਂ ਵੱਧ ਜਾਣਕਾਰੀ ਦਿੰਦੇ ਹੋਏ ਸਚੇਤ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਵੱਲੋਂ ਸਹੀ ਢੰਗ ਨਾਲ ਡਾਟਾ ਇਕੱਤਰ ਕਰਨ, ਬਿਮਾਰੀ ਦੇ ਪ੍ਰਸਾਰ ਦੀ ਨਿਗਰਾਨੀ ਕਰਨ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਇਲਾਜ ਕਰਨ ਲਈ ਸਾਰੇ ਜਾਂਚ ਕੀਤੇ ਗਏ ਮਰੀਜ਼ਾਂ ਦੇ ਵਿਸਤ੍ਰਿਤ ਆਨਲਾਈਨ ਰਿਕਾਰਡ ਨੂੰ ਯਕੀਨੀ ਬਣਾਉਣ ਦੀ ਲੋੜ ਤੇ ਜ਼ੋਰ ਦਿੱਤਾ ਗਿਆ ਸਿਵਲ ਸਰਜਨ ਡਾ. ਗੁਰਮੀਤ ਲਾਲ ਨੇ ਗੈਰ ਸੰਚਾਰੀ ਬਿਮਾਰੀਆਂ ਪ੍ਰਤੀ ਜਾਂਚ ਕਰਨ ਲਈ ਸ਼ੁਰੂ ਕੀਤੀ ਗਈ ਇਸ ਮੁਹਿੰਮ ਦੀ ਸਫਲਤਾ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ, ਉਨ੍ਹਾਂ ਨੇ ਲੋਕਾਂ ਨੂੰ ਇਸ ਪਹਿਲਕਦਮੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੀ ਜਾਂਚ ਕਰਵਾਉਣ ਦੀ ਅਪੀਲ ਕੀਤੀ।

ਜਿਕਰਯੋਗ ਹੈ ਕਿ ਗੈਰ ਸੰਚਾਰੀ ਬਿਮਾਰੀਆਂ ਦੀ ਪਛਾਣ ਅਤੇ ਰੋਕਥਾਮ ਲਈ ਸਿਹਤ ਵਿਭਾਗ ਜਲੰਧਰ ਵੱਲੋਂ ਇਸ ਤਿੰਨ ਰੋਜਾ ਟ੍ਰੇਨਿੰਗ ਦੌਰਾਨ ਔਰਤਾਂ ਦੇ ਰੋਗਾਂ ਦੇ ਮਾਹਿਰ ਡਾ.ਅਨਾਮਿਕਾ,ਰੇਡੀਓਥੈਰੇਪਿਸਟ ਡਾ.ਪ੍ਰਭਸ਼ਰਨ ਕੌਰ ਅਤੇ ਸਰਜਨ ਡਾ. ਦੀਪਕ ਵੱਲੋਂ ਜਿਲ੍ਹੇ ਦੇ ਸਮੂਹ ਸੀ.ਐਚ.ਓਜ਼ ਨੂੰ ਵੱਖ-ਵੱਖ ਸੈਸ਼ਨਾਂ ਵਿੱਚ ਟ੍ਰੇਨਿੰਗ ਦਿੱਤੀ ਜਾਵੇਗੀ। ਇਸ ਮੌਕੇ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਰਮਨ ਗੁਪਤਾ,ਜਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਗੁਰਦੀਪ ਸਿੰਘ, ਜਿਲ੍ਹਾ ਬੀਸੀਸੀ ਕੋਆਰਡੀਨੇਟਰ ਨੀਰਜ ਸ਼ਰਮਾ ਮੌਜੂਦ ਸਨ।

# ਪੰਜਾਬੀ ਫਿਲਮ ਇਬਾਦਤ ਪੀਰ ਨਿਗਾਹੇ ਵਾਲਾ ਦਾ ਪੋਸਟਰ ਕੀਤਾ ਰਿਲੀਜ਼



ਫਗਵਾੜਾ ( ਸੁਸ਼ੀਲ ਸ਼ਰਮਾ ) ਏਕ ਜੋਤ ਫਿਲਮਜ ਅਤੇ ਬੋਲੀਨਾ ਫਿਲਮਜ ਦੀ ਪੇਸ਼ਕਾਰੀ ਅਤੇ ਪੀਰ ਗੌਂਸਆਜਮ ਗਿਆਰਵੀਂ ਵਾਲੀ ਸਰਕਾਰ ਅਤੇ ਲੱਖਦਾਤਾ ਜੀ ਦੀ ਸ਼ਕਤੀ ਨੂੰ ਦਰਸਾਉਂਦੀ ਫਿਲਮ ਇਬਾਦਤ ਪੀਰ ਨਿਗਾਹੇ ਵਾਲਾ ਭਾਗ-30 ਦਾ ਪੋਸਟਰ ਸਾਂਈ ਬਲਦੇਵ ਸ਼ਾਹ ਗੱਦੀ ਨਸ਼ੀਨ ਤ੍ਰਿਵੇਣੀ ਮੰਦਿਰ ਰੋਜਾ ਸ਼ਰੀਫ ਸਾਂਈ ਰਾਮ ਦਿੱਤੇ ਸ਼ਾਹ ਜੀ ਕਾਦਰੀ ਇੰਦਣਾ ਕਲਾਸਕੇ ਵਲੋਂ ਰਿਲੀਜ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਫਿਲਮ ਦੇ ਲੇਖਕ ਅਤੇ ਡਾਇਰੈਕਟਰ ਘੁੱਲਾ ਸਰਹਾਲੇ ਵਾਲਾ ਨੇ ਦੱਸਿਆ ਕਿ ਇਹ ਪੰਜਾਬੀ ਫਿਲਮ ਬਹੁਤ ਜਲਦੀ ਦੁਨੀਆ ਪੱਧਰ 'ਤੇ ਰਿਲੀਜ਼ ਕੀਤੀ ਜਾ ਰਹੀ ਹੈ। ਫਿਲਮ ਦੇ ਨਿਰਮਾਤਾ ਬਲਵੀਰ ਪਾਲ ਬਾਘਾ ਹਨ। ਫਿਲਮ ਦੀ ਸਟਾਰ ਕਾਸਟ ਵਿਚ ਗੁਰਦੇਵ ਦਿਲਗੀਰ, ਵਿਜੇ ਸਿਤਾਰਾ, ਰਮੇਸ਼ ਕਮਲ, ਨੂਰ ਮੁਹੰਮਦ, ਆਰ.ਪੀ. ਸਿੰਘ, ਜਤਿੰਦਰ ਪਿੰਕੀ, ਜਾਸਮੀਨ ਖਾਨ, ਸੁਨੀਤਾ ਸੰਧੂ, ਪੀ.ਕੇ. ਕ ਲੇ ਰ , ਚੇਤਨ ਮਹਿਰਾ ਸ਼ਾਮਲ ਹਨ। ਉਹਨਾਂ ਦੱਸਿਆ ਕਿ ਡਾਇਲਾਗ ਸਨੀ ਬੰਗੜ ਨੇ ਲਿਖੇ ਹਨ। ਫਿਲਮ ਦੀ ਵੀਡੀਓ ਡਾਇਰੈਕਸ਼ਨ ਅਤੇ ਅਡੀਟਿੰਗ ਰਾਜੇਸ਼ ਅਧਿਆਏ ਨੇ ਜਦਕਿ ਕੈਮਰਾਗ੍ਰਾਫੀ ਅਸ਼ੋਕ ਭਗਤ ਵਲੋਂ ਕੀਤੀ ਗਈ ਹੈ। ਮੇਕਅਪ ਮੈਨ ਜੱਸੀ ਪਟਿਆਲਾ, ਪ੍ਰੋਜੈਕਟ ਮੈਨੇਜਰ ਵੀਨਸ ਕਮਲ, ਮੁੱਖ ਸਲਾਹਕਾਰ ਰਮੇਸ਼ ਕਮਲ ਅਤੇ ਡਿਜਾਈਨਿੰਗ ਭਾਗ ਮੱਲ ਨੇ ਕੀਤੀ ਹੈ। ਪੋਸਟਰ ਰਿਲੀਜ ਸਮਾਗਮ ਦੌਰਾਨ ਸਾਂਈ ਬਲਦੇਵ ਸ਼ਾਹ ਨੇ ਫਿਲਮ ਦੀ ਪੂਰੀ ਯੂਨਿਟ ਨੂੰ ਸਨਮਾਨਤ ਕੀਤਾ। ਫਿਲਮ ਦੇ ਡਾਇਰੈਕਟਰ ਘੁੱਲਾ ਸਰਹਾਲੇ ਵਾਲਾ ਨੇ ਵੀ ਸਾਂਈ ਬਲਦੇਵ ਸ਼ਾਹ ਸਮੇਤ ਫਿਲਮ ਦੇ ਸਮੂਹ ਕਲਾਕਾਰਾਂ ਅਤੇ ਟੀਮ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ।

# ਸਾਹਿਤ ਵਿਗਿਆਨ ਕੇਂਦਰ (ਰਜਿ.) ਚੰਡੀਗੜ੍ਹ ਦੀ ਮਾਸਿਕ ਇਕੱਤਰਤਾ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸਾਹਿਤ ਵਿਗਿਆਨ ਕੇਂਦਰ ਦੀ ਮਾਸਿਕ ਇਕੱਤਰਤਾ 23 ਫ਼ਰਵਰੀ 20 25 ਦਿਨ ਐਤਵਾਰ ਨੂੰ ਪੰਜਾਬ ਕਲਾ ਭਵਨ ਸੈਕਟਰ 16ਚੰਡੀਗੜ੍ਹ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਡਾ.ਚਰਨਜੀਤ ਕੌਰ ਜੀ (ਸਾਬਕਾ ਰਾਜ ਸੰਪਰਕ ਅਧਿਕਾਰੀ) ਨੇ ਕੀਤੀ। ਸ਼੍ਰੀਮਤੀ ਰਮਿੰਦਰ ਵਾਲੀਆ ਜੀ (ਪ੍ਰਸਿੱਧ ਸ਼ਾਇਰਾ) ਕੈਨੇਡਾ ਨੇ ਮੁੱਖ ਮਹਿਮਾਨ ਅਤੇ ਸ਼੍ਰੀਮਤੀ ਸੰਦੀਪ ਕੌਰ ਜਸਵਾਲ ਜੀ(ਪ੍ਰਸਿੱਧ ਕਵਿੱਤਰੀ) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਾਡੇ ਕੇਂਦਰ ਦੇ ਬਹੁਤ ਹੀ ਸੁਹਿਰਦ ਮੈਂਬਰ ਸ਼੍ਰੀਮਤੀ ਸਿਮਰਜੀਤ ਕੌਰ ਗਰੇਵਾਲ ਜੀ ਦੇ ਮਾਤਾ ਜੀ ਅਤੇ ਸ਼੍ਰੀਮਤੀ ਅਮਰਜੀਤ ਕੌਰ ਮੋਰਿੰਡਾ ਜੀ ਦਾ ਨੌਜਵਾਨ ਪੁੱਤਰ ਅਕਾਲ ਚਲਾਣਾ ਕਰ ਗਏ ਸੀ,ਸੋ ਸਭ ਤੋਂ ਪਹਿਲਾਂ ਦੋ ਮਿੰਟ ਦਾ ਮੌਨ ਰੱਖ ਕੇ ਉਹਨਾਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਫਿਰ ਸੰਸਥਾ ਦੇ ਕਾਰਜਕਾਰੀ ਪ੍ਰਧਾਨ ਸ਼੍ਰੀਮਤੀ ਪਰਮਜੀਤ ਕੌਰ ਪਰਮ ਜੀ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਤੇ ਸਾਰੇ ਪ੍ਰੋਗਰਾਮ ਦੀ ਰੂਪ ਰੇਖਾ ਬਾਰੇ ਅਤੇ ਪ੍ਰਧਾਨਗੀ ਮੰਡਲ ਵਿੱਚ ਸ਼ੁਸ਼ੋਭਿਤ ਸ਼ਖਸ਼ੀਅਤਾਂ ਬਾਰੇ ਬਹੁਤ ਹੀ ਵਿਸਥਾਰ ਨਾਲ ਜਾਣੂੰ ਕਰਵਾਇਆ।ਪ੍ਰੋਗਰਾਮ ਦਾ ਆਗਾਜ਼ ਰਤਨ ਬਾਬਕ ਵਾਲਾ ਜੀ ਦੇ ਇੱਕ ਗੀਤ ਤੋਂ ਹੋਇਆ। ਡਾ.ਰਜਿੰਦਰ ਰੇਨੂੰ, ਹਰਜੀਤ ਸਿੰਘ ਅਤੇ ਮਨਜੀਤ ਕੌਰ ਮੁਹਾਲੀ ਜੀ ਨੇ ਬਸੰਤ ਰੁੱਤ ਨਾਲ ਸਬੰਧਤ ਰਚਨਾਂਵਾਂ ਸਰੋਤਿਆਂ ਦੀ ਨਜ਼ਰ ਕੀਤੀਆਂ।ਸੁਰਿੰਦਰ ਭੋਗਲ (ਚਿੰਗਾਰੀ) ਅਤੇ ਪ੍ਰਤਾਪ ਪਾਰਸ ਜੀ ਨੇ ਧੀਆਂ ਬਾਰੇ ਬਹੁਤ ਹੀ ਭਾਵਪੂਰਕ ਗੀਤ ਸੁਣਾਏ।ਭਰਪੂਰ ਸਿੰਘ,ਸੁਰਿੰਦਰ ਗਿੱਲ ਅਤੇ ਮਲਕੀਤ ਬਸਰਾ ਜੀ ਨੇ ਅਜੋਕੇ ਮਾਹੌਲ ਦੀ ਅਸਲੀਅਤ ਬਿਆਨ ਕਰਦੀਆਂ ਬਹੁਤ ਹੀ ਲਾਜਵਾਬ ਰਚਨਾਂਵਾਂ ਨਾਲ ਆਪਣੀ ਹਾਜ਼ਰੀ ਲਵਾਈ।ਗੁਰਦਾਸ ਦਾਸ ਜੀ ਨੇ ਤੂੰਬੀ ਨਾਲ ਆਪਣੇ ਗੀਤ ਦੀ ਪੇਸ਼ਕਾਰੀ ਕੀਤੀ ਜੋ ਸਲਾਹੁਣ ਯੋਗ ਸੀ।ਬਲਵਿੰਦਰ ਢਿੱਲੋਂ ਅਤੇ ਲਾਭ ਸਿੰਘ ਲਹਿਲੀ ਜੀ ਨੇ ਆਪਣੀ ਬੁਲੰਦ ਆਵਾਜ਼ ਵਿੱਚ ਗੀਤ ਸੁਣਾ ਕੇ ਵਾਹ ਵਾਹ ਖੱਟੀ।ਮਲਕੀਤ ਨਾਗਰਾ ਨੇ ਭਗਤ ਰਵੀਦਾਸ ਜੀ ਨਾਲ ਸਬੰਧਤ ਸੰਤ ਰਾਮ ਉਦਾਸੀ ਜੀ ਦੀ ਰਚਨਾ ਪੇਸ਼ ਕੀਤੀ।ਚਰਨਜੀਤ ਕਲੇਰ,ਰਾਜ ਕੁਮਾਰ ਸਾਹੋਵਾਲੀਆ.ਬਲਦੇਵ ਸਿੰਘ ਬਿੰਦਰਾ,ਜਸਵੀਰ ਸਿੰਘ,ਸੁਨੀਲਮ ਮੰਡ,ਧਿਆਨ ਸਿੰਘ ਕਾਹਲੋਂ,ਸਰਬਜੀਤ ਸਿੰਘ ਜੀ ਨੇ ਆਪਣੀਆਂ ਖ਼ੂਬਸੂਰਤ ਗੀਤਾਂ ਨਾਲ ਸਰੋਤਿਆਂ ਨੂੰ ਕੀਲ ਲਿਆ। ਹਰਭਜਨ ਕੌਰ ਢਿੱਲੋਂ ਅਤੇ ਮਸ਼ਹੂਰ ਗੀਤਕਾਰ ਤੇ ਗਾਇਕ ਅਮਰ ਵਿਰਦੀ ਜੀ ਨੂੰ ਆਪਣੇ ਗੀਤਾਂ ਅਤੇ ਬੋਲੀਆਂ ਨਾਲ ਦਰਸ਼ਕਾਂ ਨੂੰ ਝੂੰਮਣ ਲਾ ਦਿੱਤਾ। ਦਵਿੰਦਰ ਕੌਰ ਢਿੱਲੋਂ ਨੇ ਸ਼੍ਰੀਮਤੀ ਰਮਿੰਦਰ ਵਾਲੀਆਂ ਜੀ ਦਾ ਗੀਤ'ਸਈਓ ਨੀ ਕੋਈ ਮੋੜ ਲਿਆਵੋ'ਤਰੰਨੁਮ ਵਿੱਚ ਸੁਣਾਇਆ।ਪਾਲ ਅਜਨਬੀ ਨੇ ਬਹੁਤ ਹੀ ਖ਼ੂਬਸੂਰਤ ਗਜ਼ਲ ਨਾਲ ਆਪਣੀ ਹਾਜ਼ਰੀ ਲਵਾਈ।ਇਸ ਤੋਂ ਇਲਾਵਾ ਇਸ ਸਮਾਗਮ ਵਿੱਚ ਹਰਬੰਸ ਸੋਢੀ,ਸ਼੍ਰੀਮਤੀ ਦਵਿੰਦਰ ਬਾਠ,ਸੁਰਿੰਦਰ ਦਿਓਲ ਸੈਂਪਲਾ,ਮੁਨੀਸ਼ ਵਿਰਦੀ,ਰਾਜ ਰਾਣੀ,ਹਰਸ਼ ਦੇਵ,ਕਰਨਜੀਤ ਚੰਦਵਾਲ ਅਤੇ ਅਸ਼ੋਕ ਜੀ ਸ਼ਾਮਿਲ ਹੋਏ। ਅੱਜ ਦੇ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਪ੍ਰਸਿੱਧ ਕਵਿੱਤਰੀ ਸ਼੍ਰੀਮਤੀ ਸੰਦੀਪ ਕੌਰ ਜਸਵਾਲ ਜੀ ਨੇ ਸਰੋਤਿਆਂ ਦੇ ਸਨਮੁੱਖ ਹੁੰਦਿਆਂ ਕਿਹਾ ਕਿ ਮੈਨੂੰ ਇਹ ਸਮਾਗਮ ਗਾਉਂਦੀ ਸ਼ਾਇਰੀ ਵਰਗਾ ਲੱਗਿਆ ਤੇ ਕਿਹਾ ਮੈਂ ਕਾਮਨਾ ਕਰਦੀ ਹਾਂ ਕਿ ਸੰਵੇਦਨਾ ਇਸੇ ਤਰਾਂ ਜਿਉਂਦੀ ਜਾਗਦੀ ਰਹੇ ਤੇ ਨਾਲ ਹੀ ਆਪਣੀਆਂ ਬਹੁਤ ਹੀ ਦਮਦਾਰ ਰਚਨਾਂਵਾਂ 'ਕਿਉਂ ਕਿ ਮੈਂ ਰੱਬ ਨਹੀਂ ਹਾਂ' ਅਤੇ ਲਿਵਿੰਗ ਰੀਲੇਸ਼ਨਸ਼ਿਪ ਸਰੋਤਿਆਂ ਨਾਲ ਸਾਂਝੀਆਂ ਕੀਤੀਆਂ। ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸ਼੍ਰੀਮਤੀ ਰਮਿੰਦਰ ਵਾਲੀਆਂ ਜੀ ਇੰਨੇ ਸੁੱਚੱਜੇ ਢੰਗ ਨਾਲ ਸਾਰੇ ਸਮਾਗਮ ਨੂੰ ਕ੍ਰਮਬੱਧ ਚਲਾਉਣ ਲਈ ਸਾਹਿਤ ਵਿਗਿਆਨ ਕੇਂਦਰ ਦੀ ਸਾਰੀ ਟੀਮ ਨੂੰ ਵਧਾਈ ਦਿੱਤੀ ਤੇ ਆਪਣੀ ਕਲਮ ਚੋਂ ਨਿਕਲੇ ਬਾਕਮਾਲ ਸ਼ਬਦ 'ਸ਼ਾਇਦ ਕਿਤੇ ਸੱਚਾ ਪਿਆਰ ਨਹੀਂ ਰਿਹਾ ਤੇ ਸਭ ਰਿਸ਼ਤੇ ਮਤਲਬੀ ਹੋ ਗਏ ਨੇ' ਦਰਸ਼ਕਾਂ ਨਾਲ ਸਾਂਝੇ ਕੀਤੇ। ਉਹਨਾਂ ਵੱਲੋਂ ਸੰਸਥਾ ਦੇ ਕੁਝ ਮੈਂਬਰਾਂ ਦਾ ਸਨਮਾਨ ਵੀ ਕੀਤਾ ਗਿਆ। ਪ੍ਰਧਾਨਗੀ ਕਰ ਰਹੇ ਡਾ. ਚਰਨਜੀਤ ਕੌਰ ਜੀ ਨੇ ਬਹੁਤ ਹੀ ਦਿਲਚਸਪ ਤੇ ਮਹੱਤਵਪੂਰਨ ਗੱਲਾਂ ਕੀਤੀਆਂ ਤੇ ਕਿਹਾ ਕਿ ਅੱਜ ਬਹੁਤ ਸਮੇਂ ਬਾਅਦ ਇਸ ਸਾਹਿਤਕ ਇਕੱਤਰਤਾ ਵਿੱਚ ਸ਼ਾਮਿਲ ਹੋਣ ਦਾ ਮੌਕਾ ਮਿਲਿਆ ਤੇ ਇਸ ਵਿੱਚ ਗੀਤਕਾਰਾਂ ਵੱਲੋਂ ਗਾਏ ਸਾਰੇ ਹੀ ਗੀਤ ਇੰਨੇ ਵਧੀਆ ਤੇ ਦਮਦਾਰ ਸਨ ਕਿ ਸਭ ਦੀ ਰਿਕਾਰਡਿੰਗ ਹੋਣੀ ਚਾਹੀਦੀ ਹੈ ਉਹਨਾਂ ਕਿਹਾ ਕਿ ਹਰ ਸਮਾਗਮ ਵਿੱਚ ਸਮੇਂ ਦਾ ਧਿਆਨ ਰੱਖਣਾ ਵੀ ਬਹੁਤ ਜ਼ਰੂਰੀ ਹੈ। ਅੰਤ ਵਿੱਚ ਡਾ.ਅਵਤਾਰ ਸਿੰਘ ਪਤੰਗ ਜੀ ਨੇ ਆਏ ਹੋਏ ਸਾਰੇ ਸਾਹਿਤਕਾਰਾਂ, ਕਵੀਆਂ ਅਤੇ ਗੀਤਕਾਰਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦਵਿੰਦਰ ਕੌਰ ਢਿੱਲੋਂ ਵੱਲੋਂ ਬਾਖ਼ੂਬੀ ਨਿਭਾਇਆ ਗਿਆ।






# ਖ਼ਾਲਸਾ ਕਾਲਜ ਡੁਮੇਲੀ ਵਿਖੇ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ





ਫ਼ਗਵਾੜਾ 24 ਫਰਵਰੀ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਡੁਮੇਲੀ ਵਿਖੇ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ। ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਮੈਡਮ ਕਮਲਜੀਤ ਕੌਰ ਜੀ ਦੇ ਦੁਆਰਾ ਜਿੱਥੇ ਆਪਣੀ ਮਾਂ ਬੋਲੀ ਦਾ ਮਾਨ-ਸਨਮਾਨ ਬਰਕਰਾਰ ਰੱਖਣ ਲਈ ਕਿਹਾ ਉੱਥੇ ਹੀ ਦੂਜਿਆਂ ਦੀ ਮਾਂ ਬੋਲੀ ਦਾ ਸਤਿਕਾਰ ਕਰਨ ਦੀ ਵੀ ਸਿੱਖਿਆ ਦਿੱਤੀ।ਕਾਲਜ ਪ੍ਰਿੰਸੀਪਲ ਡਾ.ਗੁਰਨਾਮ ਸਿੰਘ ਰਸੂਲਪੁਰ ਜੀ ਦੇ ਦੁਆਰਾ ਵਿਦਿਆਰਥੀਆਂ ਨੂੰ ਰਸੂਲ ਹਮਜ਼ਾਤੋਵ ਦੀ ਸੰਸਾਰਿਕ ਪ੍ਰਸਿੱਧ ਪੁਸਤਕ ਮੇਰਾ ਦਾਗਸਿਤਾਨ ਵਿੱਚੋਂ ਹਵਾਲਾ ਦੇ ਕੇ ਮਾਂ ਬੋਲੀ ਦਾ ਮਹੱਤਵ ਸਮਝਾਇਆ। ਇਸ ਦੇ ਨਾਲ ਮੈਡਮ ਰੋਮੀ ਅਤੇ ਵਿਦਿਆਰਥਣਾਂ ਨੇ ਪੰਜਾਬੀ ਭਾਸ਼ਾ ਪ੍ਰੇਮ ਦੀਆਂ ਕਵਿਤਾਵਾਂ ਵੀ ਪੜ੍ਹੀਆਂ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਕਾਨਪੁਰ ਚ ਪੈਸਿਆਂ ਲਈ ਨਾਕਾਮ ਰਹਿਣ ਤੇ ਵਿਦਿਆਰਥਣ ਨੇ ਫਾਹਾ: ਜਾਂਚ ਸ਼ੁਰੂ

ਕਾਨਪੁਰ (ਸੁਨੀਲ ਬਾਜਪਾਈ) 20 ਹਜ਼ਾਰ ਰੁਪਏ ਨਾ ਦੇਣ ਤੋਂ ਨਾਰਾਜ਼ ਵਿਦਿਆਰਥਣ ਨੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ, ਸੂਚਨਾ ਮਿਲਣ ਤੇ ਉਸ ਨੂੰ ਤੁਰੰਤ ਹਸਪਤਾਲ ਚ ਭਰਤੀ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਇਸ ਘਟਨਾ ਨਾਲ ਉਨ੍ਹਾਂ ਦੇ ਪਰਿਵਾਰ ਚ ਹਫੜਾ-ਦਫੜੀ ਮਚ ਗਈ ਹੈ। ਰਾਮ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਵਿੱਚ ਵੀ ਗੁੱਸਾ ਹੈ। ਫਿਲਹਾਲ ਪੁਲਿਸ ਘਟਨਾ ਦੀ ਜਾਂਚ ਕਰ ਰਹੀ ਹੈ। ਪੁਲਸ ਮੁਤਾਬਕ ਦੋਸ਼ੀ ਪਾਏ ਜਾਣ ਵਾਲੇ ਵਿਅਕਤੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

ਪ੍ਰਾਪਤ ਜਾਣਕਾਰੀ ਅਨੁਸਾਰ ਬਰਾੜਾ ਦਾਮੋਦਰ ਨਗਰ ਦਾ ਰਹਿਣ ਵਾਲਾ ਜੈਕਰਨ ਸਚਾਨ ਪ੍ਰਾਈਵੇਟ ਨੌਕਰੀ ਕਰਦਾ ਹੈ। ਉਨ੍ਹਾਂ ਦੀ ਪਤਨੀ ਰਸ਼ਮੀ ਸਚਾਨ ਇੱਕ ਅਧਿਆਪਕ ਹੈ। ਮੌਕੇ ਤੇ ਪਹੁੰਚੀ ਪੁਲਸ ਨੂੰ ਜਾਣਕਾਰੀ ਦਿੰਦੇ ਹੋਏ ਪਿਤਾ ਜੈਕਰਨ ਨੇ ਦੱਸਿਆ ਕਿ ਬੇਟੀ ਆਰਤੀ ਸਚਾਨ (21) ਰਾਮਾ ਯੂਨੀਵਰਸਿਟੀ ਤੋਂ



ਨਰਸਿੰਗ ਚੌਥੇ ਸਾਲ ਦੀ ਪੜ੍ਹਾਈ ਕਰ ਰਹੀ ਹੈ। ਉਸ ਦਾ ਸਮੈਸਟਰ ਦਾ ਨਤੀਜਾ 20 ਫਰਵਰੀ ਨੂੰ ਆਇਆ ਸੀ। ਇਸ ਵਿੱਚ ਉਹ ਅੱਧੇ ਅੰਕਾਂ ਨਾਲ ਫੇਲ੍ਹ ਹੋ ਗਿਆ। ਇਸ ਕਾਰਨ ਆਰਤੀ ਤਣਾਅ ਵਿੱਚ ਸੀ।

ਪਿਤਾ ਵੱਲੋਂ ਪੁਲਿਸ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ ਨਤੀਜੇ ਸਬੰਧੀ ਆਪਣੀ ਮਾਂ ਨਾਲ ਫ਼ੋਨ ਤੇ ਗੱਲ ਕਰਦਿਆਂ ਉਹ ਵੀ ਰੋ ਪਈ ।

ਇਸ ਘਟਨਾ ਬਾਰੇ ਉਸ ਨੂੰ ਉਦੋਂ ਹੀ ਪਤਾ ਲੱਗਾ ਜਦੋਂ ਉਸ ਨੂੰ ਮਿਲਣ ਤੋਂ ਬਾਅਦ ਉਸ ਦਾ ਫੋਨ ਨਹੀਂ ਚੁੱਕਿਆ ਗਿਆ। ਫਿਰ ਉਥੇ ਪਹੁੰਚ ਕੇ ਉਸ ਨੇ ਖਿੜਕੀ ਚੋਂ ਝਾਤ ਮਾਰੀ ਤਾਂ ਦੇਖਿਆ ਕਿ ਆਰਤੀ ਕਮਰੇ ਚ ਫਾਹੇ ਵਾਂਗ ਲਟਕ ਰਹੀ ਸੀ, ਜਿਸ ਨੂੰ ਜਗ੍ਹਾ ਤੇ ਰੱਖਣ ਤੋਂ ਬਾਅਦ ਹਟਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਚਰਚਾ ਦਾ ਵਿਸ਼ਾ ਬਣੀ ਇਸ ਘਟਨਾ ਦੀ ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਮੁਤਾਬਕ ਜੇਕਰ ਦੋਸ਼ ਸਹੀ ਪਾਏ ਗਏ ਤਾਂ ਦੋਸ਼ੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

# ਕਸੌਲੀ ਦੀ ਮਨੋਰੰਜਨ ਯਾਤਰਾ- ਇੱਕ ਤਾਜ਼ਗੀ ਭਰਿਆ ਅਨੁਭਵ



ਫ਼ਗਵਾੜਾ (ਸੁਸ਼ੀਲ ਸ਼ਰਮਾ) ਫਰਵਰੀ ਨੂੰ ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ,ਫਗਵਾੜਾ ਵੱਲੋਂ ਕੰਪਿਊਟਰ ਵਿਭਾਗ ਦੇ 50 ਵਿਦਿਆਰਥੀਆਂ ਲਈ ਪੰਜ ਸਟਾਫ਼ ਮੈਂਬਰਾਂ ਦੇ ਨਾਲ ਇੱਕ ਮਨੋਰੰਜਨ ਯਾਤਰਾ ਦਾ ਆਯੋਜਨ ਕੀਤਾ ਗਿਆ। ਸਾਡੇ ਮਾਣਯੋਗ ਪ੍ਰਿੰਸੀਪਲ, ਡਾ.ਸਵਿੰਦਰ ਪਾਲ ਦੀ ਅਗਵਾਈ ਅਤੇ ਪ੍ਰੇਰਣਾ ਅਧੀਨ ਯੋਜਨਾਬੱਧ ਕੀਤੀ ਗਈ ਇਸ ਯਾਤਰਾ ਦਾ ਉਦੇਸ਼ ਵਿਦਿਆਰਥੀਆਂ ਨੂੰ ਕਸੌਲੀ,ਹਿਮਾਚਲ ਪ੍ਰਦੇਸ਼ ਦੀ ਸੁੰਦਰਤਾ ਅਤੇ ਸ਼ਾਂਤੀ ਦੀ ਪੜਚੋਲ ਕਰਦੇ ਹੋਏ ਉਹਨਾਂ ਦੇ ਰੁਟੀਨ ਤੋਂ ਇੱਕ ਤਾਜ਼ਗੀ ਭਰਿਆ ਬ੍ਰੇਕ ਪ੍ਰਦਾਨ ਕਰਨਾ ਸੀ।ਯਾਤਰਾ ਦੌਰਾਨ,ਵਿਦਿਆਰਥੀਆਂ ਨੇ ਟ੍ਰੈਕਿੰਗ ਦਾ ਆਨੰਦ ਮਾਣਿਆ ਅਤੇ ਕਸੌਲੀ ਦੇ ਕੁਝ ਸਭ ਤੋਂ ਪ੍ਰਸਿੱਧ ਆਕਰਸ਼ਣਾਂ ਦਾ ਦੌਰਾ ਕੀਤਾ,ਜਿਸ ਵਿੱਚ ਸਨਸੈੱਟ ਪੁਆਇੰਟ,ਮਾਲ ਰੋਡ ਅਤੇ ਇੱਕ ਇਤਿਹਾਸਕ ਚਰਚ ਸ਼ਾਮਲ ਹਨ। ਉਨ੍ਹਾਂ ਨੇ ਮਾਲ ਰੋਡ ਤੇ ਯਾਦਗਾਰੀ ਚੀਜ਼ਾਂ ਦੀ ਖਰੀਦਦਾਰੀ ਕਰਨ ਦਾ ਵੀ ਵਧੀਆ ਸਮਾਂ ਬਿਤਾਇਆ,ਜਿਸ ਨਾਲ ਅਨੁਭਵ ਹੋਰ ਵੀ ਯਾਦਗਾਰੀ ਹੋ ਗਿਆ। ਸੁੰਦਰ ਲੈਂਡਸਕੇਪ,ਸ਼ਾਂਤ ਵਾਤਾਵਰਣ ਅਤੇ ਮਜ਼ੇਦਾਰ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਰਾਮ ਕਰਨ,ਆਪਣੇ ਸਾਥੀਆਂ ਨਾਲ ਬੰਧਨ ਬਣਾਉਣ ਅਤੇ ਅਭੁੱਲ ਯਾਦਾਂ ਬਣਾਉਣ ਦੀ ਆਗਿਆ ਦਿੱਤੀ।

ਅਸੀਂ ਇਸ ਯਾਤਰਾ ਨੂੰ ਸਫਲ ਬਣਾਉਣ ਲਈ ਡਾ.ਸਵਿੰਦਰ ਪਾਲ ਦੇ ਲਗਾਤਾਰ ਸਹਿਯੋਗ ਅਤੇ ਹੌਸਲਾ ਅਫਜਾਈ ਲਈ ਤਹਿ ਦਿਲੋਂ ਧੰਨਵਾਦ ਕਰਦੇ ਹਾਂ। ਤਜਰਬਾ ਸੱਚਮੁੱਚ ਤਰੋ-ਤਾਜ਼ਾ ਸੀ ਅਤੇ ਖੁਸ਼ੀ ਅਤੇ ਸਾਹਸ ਦੇ ਪਲਾਂ ਨਾਲ ਭਰਿਆ ਹੋਇਆ ਸੀ।

# ਮਕੌੜਾ ਪੱਤਣ ’ਤੇ ਪੁਲ ਬਣਾਉਣ ’ਚ ਦੇਰੀ ਲਈ ਅਰੁਣਾ ਚੌਧਰੀ ਨੇ ਸਰਕਾਰ ਨੂੰ ਘੇਰਿਆ, ਵਿਧਾਨ ਸਭਾ ’ਚ ਗਰਮਜੋਸ਼ੀ ਨਾਲ ਉਠਾਇਆ ਮੁੱਦਾ

ਦੀਨਾਨਗਰ, ( ਡਾ ਰਮੇਸ਼ ਸਰੰਗਲ )

ਦੀਨਾਨਗਰ ਦੀ ਵਿਧਾਇਕਾ ਅਰੁਣਾ ਚੌਧਰੀ ਨੇ ਹਲਕੇ ਅੰਦਰ ਮਕੌੜਾ ਪੱਤਣ ’ਤੇ ਬਣਨ ਵਾਲੇ ਹਾਈ ਲੈਵਲ ਪੁਲ ਦੀ ਉਸਾਰੀ ’ਚ ਲਗਾਤਾਰ ਹੋ ਰਹੀ ਦੇਰੀ ਲਈ ਪੰਜਾਬ ਸਰਕਾਰ ਨੂੰ ਵਿਧਾਨ ਸਭਾ ’ਚ ਘੇਰਿਆ ਹੈ। ਉਨ੍ਹਾਂ ਵਿਧਾਨ ਸਭਾ ਇਜਲਾਸ ’ਚ ਬਡ□ੀ ਗਰਮਜੋਸ਼ੀ ਨਾਲ ਮੁੱਦਾ ਉਠਾਉਂਦਿਆਂ ਸੁਆਲ ਕੀਤਾ ਕਿ ਜਦੋਂ ਸਾਢੇ ਤਿੰਨ ਸਾਲ ਪਹਿਲਾਂ ਕੇਂਦਰ ਸਰਕਾਰ ਵੱਲੋਂ ਪੁਲ ਬਣਾਉਣ ਲਈ 100.48 ਕਰੋੜ□ ਰੁਪਏ ਜਾਰੀ ਕਰ ਦਿੱਤੇ ਗਏ ਸਨ ਅਤੇ ਸੱਤ ਮਹੀਨੇ ਬਾਅਦ ਪੰਜਾਬ ਸਰਕਾਰ ਵੱਲੋਂ ਇਸਦੀ ਪ੍ਰਬੰਧਕੀ ਮਨਜ਼ੂਰੀ ਵੀ ਦੇ ਦਿੱਤੀ ਗਈ ਫਿਰ ਕਿਉਂ ਇਸ ਪੁਲ ਦਾ ਕੰਮ ਸ਼ੁਰੂ ਨਹੀਂ ਕੀਤਾ ਗਿਆ ਹੈ ਅਤੇ ਆਖ਼ਿਰ ਕਿਉਂ ਇਸ ਸਬੰਧੀ ਐਨਓਸੀ ਲੈਣ ਲਈ ਸਾਲਾਂ ਦਾ ਸਮਾਂ ਬਰਬਾਦ ਕਰ ਦਿੱਤਾ ਗਿਆ। ਇਸਦੇ ਜਵਾਬ ਵਿੱਚ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਭਾਵੇਂ ਕੋਈ ਠੋਸ ਕਾਰਨ ਨਹੀਂ ਦੱਸ ਸਕੇ ਪਰ ਉਨ੍ਹਾਂ ਦਸੰਬਰ 2025 ਤੱਕ ਪੁਲ ਦਾ ਕੰਮ ਹਰ ਹਾਲਤ ’ਚ ਸ਼ੁਰੂ ਕਰਵਾ ਕੇ ਇਸਨੂੰ ਅਗਲੇ ਦੋ ਸਾਲਾਂ ’ਚ ਮੁਕੰਮਲ ਕਰਨ ਦਾ ਭਰੋਸਾ ਦਿੱਤਾ ਹੈ।



ਉੱਧਰ ਵਿਧਾਇਕਾ ਅਰੁਣਾ ਚੌਧਰੀ ਸਬੰਧਿਤ ਮੰਤਰੀ ਨੂੰ ਇਹ ਕਹਿੰਦੇ ਦਿੱਸੇ ਕਿ ਪੁਲ ਦੇ ਕੰਮ ਵਿੱਚ ਹੋਰ ਦੇਰੀ ਠੀਕ ਨਹੀਂ ਅਤੇ ਵਿਭਾਗ ਨੂੰ ਪੈਸੇ ਮਿਲਣ ਦੇ ਬਾਵਜੂਦ ਇੱਕ ਪ੍ਰੋਜੈਕਟ ਨੂੰ ਸਾਢੇ ਪੰਜ ਸਾਲਾਂ ਤੱਕ ਲਟਕਾਇਆ ਜਾਣਾ ਕਿਸੇ ਪੱਖੋਂ ਵੀ ਜਾਇਜ਼ ਨਹੀਂ ਹੈ। ਉਨ੍ਹਾਂ ਦੱਸਿਆ ਕਿ ਮਕੌਡ□ਾ ਪੱਤਣ ਤੋਂ ਪਾਰ 7 ਪਿੰਡ ਦੀਨਾਨਗਰ ਹਲਕੇ ਦੇ ਅਤੇ ਬਾਕੀ ਪਠਾਨਕੋਟ ਨਾਲ ਸਬੰਧਿਤ ਹਨ ਅਤੇ ਇਨ੍ਹਾਂ ਪਿੰਡਾਂ ਨੂੰ ਜਾਣ ਲਈ ਕੋਈ ਸਡ□ਕੀ ਮਾਰਗ ਨਹੀਂ ਹੈ। ਕਾਂਗਰਸ ਸਰਕਾਰ ਵੇਲੇ ਉਨ੍ਹਾਂ ਨੇ ਪੈਲਟੂਨ ਪੁਲ ਬਣਵਾ ਕੇ ਪਾਰਲੇ ਪਿੰਡਾਂ ਦੇ ਲੋਕਾਂ ਨੂੰ ਰਾਹਤ ਪਹੁੰਚਾਈ ਸੀ ਪਰ ਇਹ ਪੁਲ ਵੀ ਬਰਸਾਤਾਂ ਦੇ ਦਿਨਾਂ ’ਚ ਪ੍ਰਸ਼ਾਸਨ ਵੱਲੋਂ ਚੁੱਕ ਲਿਆ ਜਾਂਦਾ ਹੈ ਅਤੇ ਦਰਿਆ ਤੋਂ ਪਾਰਲੇ ਪਿੰਡ ਪੰਜਾਬ ਨਾਲੋਂ ਕੱਟੇ ਜਾਂਦੇ ਹਨ ਅਤੇ ਇਹ ਏਰੀਆ ਇੱਕ ਟਾਪੂ ਵਾਂਗ ਬਣ ਜਾਂਦਾ ਹੈ। ਅਰੁਣਾ ਚੌਧਰੀ ਨੇ ਪੁਲ ਬਣਾਉਣ ’ਚ ਦੇਰੀ ਲਈ ਸਿੱਧੇ ਰੂਪ ’ਚ ਪੰਜਾਬ ਸਰਕਾਰ ਦੀ ਢਿੱਲਮੱਠ ਨੂੰ ਕਸੂਰਵਾਰ ਠਹਿਰਾਇਆ ਅਤੇ ਕਿਹਾ ਕਿ ਉਨ੍ਹਾਂ ਦੀ ਜਾਣਕਾਰੀ ਮੁਤਾਬਕ ਕੇਂਦਰ ਸਰਕਾਰ ਨੇ ਸੀ.ਆਰ.ਆਈ.ਐਫ਼ ਵਿੱਚੋਂ ਪੈਸੇ ਜਾਰੀ ਕਰ ਦਿੱਤੇ ਸਨ ਅਤੇ ਸੱਤ ਮਹੀਨੇ ਬਾਅਦ ਹੀ ਇਸਦੀ ਪ੍ਰਬੰਧਕੀ ਮਨਜ਼ੂਰੀ ਪੰਜਾਬ ਸਰਕਾਰ ਨੇ ਦੇ ਦਿੱਤੀ ਸੀ। ਪਰ ਸਰਕਾਰ ਵੱਖ-ਵੱਖ ਵਿਭਾਗਾਂ ਕੋਲੋਂ ਇੱਕੋ ਵੇਲੇ ਪੱਤਰ ਲਿਖ ਕੇ ਐਨਓਸੀ ਲੈਣ ’ਚ ਖੁੰਝ ਗਈ ਅਤੇ ਮਨਜ਼ੂਰੀ ਲਈ ਵੱਖ-ਵੱਖ ਤਾਰੀਖ਼ਾਂ ’ਤੇ ਪੱਤਰ ਲਿਖ ਕੇ ਲੰਮਾਂ ਸਮਾਂ ਬਰਬਾਦ ਕੀਤਾ ਗਿਆ, ਜੋ ਸਰਕਾਰ ਦੀ ਨਾਲਾਇਕੀ ਨੂੰ ਦਰਸਾਉਂਦਾ ਹੈ। ਅਰੁਣਾ ਚੌਧਰੀ ਨੇ ਕਿਹਾ ਕਿ ਐਨ.ਓ.ਸੀ ਲਈ ਸਾਰੇ ਵਿਭਾਗਾਂ ਨੂੰ ਇੱਕੋ ਦਿਨ ਚਿੱਠੀਆਂ ਲਿਖੀਆਂ ਜਾਂਦੀਆਂ ਤਾਂ ਸਾਲਾਂ ਦਾ ਸਮਾਂ ਬਰਬਾਦ ਹੋਣੋਂ ਬਚ ਜਾਂਦਾ । ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸਾਈਡ ਸਿਲੈਕਟਡ ਕਮੇਟੀ ਦੀ ਰਿਪੋਰਟ ਤੋਂ ਬਾਅਦ ਜਦੋਂ ਪੁਲ ਨੂੰ ਅੱਧਾ ਕਿਲੋਮੀਟਰ ਹੇਠਾਂ ਵਾਲੇ ਪਾਸੇ ਬਣਾਉਣ ਦਾ ਸੁਝਾਅ ਸਾਹਮਣੇ ਆਇਆ ਤਾਂ ਸਰਕਾਰ ਨੇ ਅਪਰੋਚ ਰੋਡ ਦੀ ਤਿਆਰੀ ਦੇ ਨਾਂ ’ਤੇ ਵੀ ਮਹੀਨਿਆਂਬੱਧੀ ਸਮਾਂ ਬਰਬਾਦ ਕਰ ਦਿੱਤਾ ਅਤੇ ਅਜੇ ਵੀ ਜ਼ਮੀਨ ਐਕਆਇਰ ਕਰਨ ਦਾ ਮਸਲਾ ਪੈਡਿੰਗ ਹੈ। ਜਿਸਨੂੰ ਛੇਤੀ ਨਿਬੇਡ□ਣ ਲਈ ਸਰਕਾਰ ਗੰਭੀਰ ਨਜ਼ਰ ਨਹੀਂ ਆ ਰਹੀ।

ਵਿਧਾਇਕਾ ਅਰੁਣਾ ਚੌਧਰੀ ਨੇ ਕਿਹਾ ਕਿ ਜੇਕਰ ਸਰਕਾਰ ਇਸ ਪੁਲ ਨੂੰ ਬਣਾਉਣ ਲਈ ਗੰਭੀਰ ਹੁੰਦੀ ਤਾਂ ਉਸਨੂੰ ਆਪਣੇ ਅੰਡਰ ਆਉਂਦੇ ਦਰਿਆ ਵੱਲ ਕੋਠੀਆਂ ਗਾਲ ਕੇ ਪੁਲ ਦਾ ਕੰਮ ਸ਼ੁਰੂ ਕਰਵਾਉਣਾ ਚਾਹੀਦਾ ਸੀ ਪਰ ਸਰਕਾਰ ਅਪਰੋਚ ਰੋਡ, ਜ਼ਮੀਨ ਐਕੁਆਇਰ ਅਤੇ ਕੁਝ ਹੋਰ ਮਨਜ਼ੂਰੀਆਂ ਦਾ ਬਹਾਨਾ ਬਣਾ ਕੇ ਲਗਾਤਾਰ ਪੁਲ ਬਣਾਉਣ ’ਚ ਦੇਰੀ ਕਰਦੀ ਆ ਰਹੀ ਹੈ। ਜਿਸਦਾ ਖ਼ਮਿਆਜ਼ਾ ਦਰਿਆ ਪਾਰਲੇ ਪਿੰਡਾਂ ਦੇ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਉਨ੍ਹਾਂ ਪੁਲ ਦਾ ਕੰਮ ਛੇਤੀ ਸ਼ੁਰੂ ਕਰਨ ਲਈ ਸਰਕਾਰ ਨੂੰ ਅਪੀਲ ਕੀਤੀ ਹੈ।

# ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ ਵੱਲੋਂ ਦੋਰਾਂਗਲਾ ਸਬ-ਤਹਿਸੀਲ ਦੀ ਚੈਕਿੰਗ



ਦੀਨਾਨਗਰ,( ਡਾ ਰਮੇਸ਼ ਸਰੰਗਲ ) - ਐੱਸ.ਡੀ.ਐੱਮ ਦੀਨਾਨਗਰ ਸ. ਜਸਪਿੰਦਰ ਸਿੰਘ ਭੁੱਲਰ ਵੱਲੋਂ ਅੱਜ ਸਬ-ਤਹਿਸੀਲ ਦਫ਼ਤਰ ਦੋਰਾਂਗਲਾ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਇਬ ਤਹਿਸੀਲਦਾਰ ਦੋਰਾਂਗਲਾ ਵੱਲੋਂ ਅੱਜ ਕੀਤੀਆਂ ਰਜਿਸਟਰੀਆਂ ਦਾ ਰਿਕਾਰਡ ਚੈੱਕ ਕੀਤਾ ਅਤੇ ਰਜਿਸਟਰੀ ਕਰਵਾਉਣ ਆਏ ਲੋਕਾਂ ਨਾਲ ਗੱਲਬਾਤ ਵੀ ਕੀਤੀ।

ਇਸ ਮੌਕੇ ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਦੀਆਂ ਹਦਾਇਤਾਂ ਤਹਿਤ ਉਨ੍ਹਾਂ ਵੱਲੋਂ ਅੱਜ ਸਬ-ਤਹਿਸੀਲ ਦੋਰਾਂਗਲਾ ਦੀ ਚੈਕਿੰਗ ਕੀਤੀ ਗਈ ਹੈ ਤਾਂ ਜੋ ਤਹਿਸੀਲ ਦਫ਼ਤਰਾਂ ਦੀ ਕਾਰਗੁਜ਼ਾਰੀ ਨੂੰ ਦੇਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਤਹਿਸੀਲ ਦਫ਼ਤਰਾਂ ਵਿੱਚ ਲੋਕਾਂ ਦੀ ਖ਼ੱਜਲ-ਖ਼ੁਆਰੀ ਬਿਲਕੁਲ ਸਹਿਣ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਲੋਕਾਂ ਕੋਲੋਂ ਪੈਸੇ ਦੀ ਮੰਗ ਕਰਦਾ ਹੈ ਜਾਂ ਉਨ੍ਹਾਂ ਨੂੰ ਖ਼ੱਜਲ਼-ਖ਼ੁਆਰ ਕਰਦਾ ਹੈ ਤਾਂ ਅਜਿਹੇ ਅਧਿਕਾਰੀਆਂ ਤੇ ਕਰਮੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦਫ਼ਤਰ ਕੰਮ ਕਰਵਾਉਣ ਆਏ ਹਰ ਵਿਅਕਤੀ ਦੀ ਗੱਲ ਗੌਰ ਨਾਲ ਸੁਣੀ ਜਾਵੇ ਅਤੇ ਨਿਯਮਾਂ ਅਨੁਸਾਰ ਲੋਕਾਂ ਦੇ ਕੰਮ ਕੀਤੇ ਜਾਣ।

ਇਸ ਮੌਕੇ ਐੱਸ.ਡੀ.ਐੱਮ. ਦੀਨਾਨਗਰ ਸ. ਜਸਪਿੰਦਰ ਸਿੰਘ ਨੇ ਖੁਸ਼ੀਪੁਰ ਪਿੰਡ ਦੇ ਵਸਨੀਕ ਸਤਨਾਮ ਸਿੰਘ ਜੋ ਕਿ ਸਬ-ਤਹਿਸੀਲ ਦਫ਼ਤਰ ਦੋਰਾਂਗਲਾ ਵਿਖੇ ਆਪਣੀ ਰਜਿਸਟਰੀ ਕਰਵਾਉਣ ਆਏ ਸਨ ਉਨ੍ਹਾਂ ਨਾਲ ਗੱਲਬਾਤ ਕੀਤੀ। ਸਤਨਾਮ ਸਿੰਘ ਨੇ ਆਪਣੀ ਤਸੱਲੀ ਜ਼ਾਹਿਰ ਕਰਦਿਆਂ ਕਿਹਾ ਕਿ ਸਬ-ਤਹਿਸੀਲ ਦੋਰਾਂਗਲਾ ਵਿੱਚ ਉਸ ਦੀ ਰਜਿਸਟਰੀ ਬਿਨਾਂ ਕਿਸੇ ਮੁਸ਼ਕਲ ਦੇ ਹੋ ਗਈ ਹੈ ਅਤੇ ਉਹ ਦਫ਼ਤਰੀ ਸਟਾਫ਼ ਦੇ ਵਤੀਰੇ ਅਤੇ ਕੰਮ-ਕਾਜ ਤੋਂ ਸੰਤੁਸ਼ਟ ਹਨ।

ਐੱਸ.ਡੀ.ਐੱਮ ਦੀਨਾਨਗਰ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਰਜਿਸਟਰੀ ਕਰਵਾਉਣ ਆਉਣ ਤੋਂ ਪਹਿਲਾਂ ਆਪਣੇ ਸਾਰੇ ਲੋੜੀਂਦੇ ਕਾਗ਼ਜ਼-ਪੱਤਰ ਪੂਰੇ ਕਰਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

# ਅੰਜੂ ਮੋਦਗਿਲ ਨੂੰ ਅਮਰੀਕੀ ਯੂਨੀਵਰਸਿਟੀ ਵੱਲੋਂ ਆਨਰੇਰੀ ਪੀਐਚਡੀ ਦੀ ਡਿਗਰੀ ਦਿੱਤੀ ਜਾਵੇਗੀ



ਚੰਡੀਗੜ੍ਹ (ਲੋਕ ਬਾਣੀ) ਸਰੀਰਕ ਸਿੱਖਿਆ ਦੇ ਖੇਤਰ ਵਿੱਚ ਅੰਜੂ ਮੋਦਗਿਲ ਦੇ ਲੰਬੇ ਤਜ਼ਰਬੇ ਨੂੰ ਧਿਆਨ ਵਿੱਚ ਰੱਖਦੇ ਹੋਏ, ਅਮਰੀਕੀ ਯੂਨੀਵਰਸਿਟੀ ਉਨ੍ਹਾਂ ਨੂੰ ਪੀਐਚਡੀ ਦੀ ਆਨਰੇਰੀ ਡਿਗਰੀ ਨਾਲ ਸਨਮਾਨਿਤ ਕਰੇਗੀ। ਇਸ ਵੇਲੇ ਉਹ ਮਹਾਂਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮਡੀਏਵੀ ਭਵਨ, ਦਰਿਆ, ਚੰਡੀਗੜ੍ਹ ਵਿੱਚ ਵਾਈਸ ਪ੍ਰਿੰਸੀਪਲ ਦਾ ਅਹੁਦਾ ਸੰਭਾਲ ਰਹੇ ਹਨ। ਸੀਬੀਐਸਈ ਨਾਲ ਸਬੰਧਤ ਸਕੂਲ ਵਿੱਚ ਲਗਭਗ 25 ਸਾਲਾਂ ਤੱਕ ਆਪਣੀ ਸੇਵਾ ਦੌਰਾਨ, ਉਨ੍ਹਾਂ ਦੇ ਖਿਡਾਰੀਆਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਇਹ ਸਨਮਾਨ ਉਨ੍ਹਾਂ ਨੂੰ ਹਯਾਤ ਸੈਂਟਰਿਕ ਹੋਟਲ, ਜਨਕਪੁਰੀ, ਦਿੱਲੀ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਦਿੱਤਾ ਜਾਵੇਗਾ।

# ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਤਹਿਸੀਲ ਦਫ਼ਤਰ ਗੁਰਦਾਸਪੁਰ ਦੀ ਚੈਕਿੰਗ

ਗੁਰਦਾਸਪੁਰ-ਨਵਨੀਤ ਕੁਮਾਰ - ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਅੱਜ ਦੁਪਹਿਰ ਤਹਿਸੀਲ ਦਫ਼ਤਰ ਗੁਰਦਾਸਪੁਰ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਗੁਰਦਾਸਪੁਰ ਵੱਲੋਂ ਅੱਜ ਕੀਤੀਆਂ ਰਜਿਸਟਰੀਆਂ ਦਾ ਰਿਕਾਰਡ ਚੈੱਕ ਕੀਤਾ ਅਤੇ ਰਜਿਸਟਰੀ ਕਰਵਾਉਣ ਆਏ ਲੋਕਾਂ ਨਾਲ ਗੱਲਬਾਤ ਵੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਲੋਕਾਂ ਨੂੰ ਤਹਿਸੀਲ ਦਫ਼ਤਰਾਂ ਵਿੱਚ ਖ਼ੱਜਲ-ਖੁਆਰੀ ਦਾ ਬਿਲਕੁਲ ਵੀ ਸਾਹਮਣਾ ਨਾ ਕਰਨਾ ਪਵੇ ਅਤੇ ਉਨ੍ਹਾਂ ਦੇ ਕੰਮ ਨਿਯਮਾਂ ਅਨੁਸਾਰ ਅਤੇ ਭ੍ਰਿਸ਼ਟਾਚਾਰ ਰਹਿਤ ਪਹਿਲ ਦੇ ਅਧਾਰ ਤੇ ਹੋਣ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਸਮੇਤ ਜ਼ਿਲ੍ਹੇ ਦੇ ਸਮੂਹ ਐੱਸ.ਡੀ.ਐੱਮ. ਵੱਲੋਂ ਵੀ ਆਪੋ-ਆਪਣੇ ਅਧੀਨ ਤਹਿਸੀਲ ਦਫ਼ਤਰਾਂ ਦੀ ਚੈਕਿੰਗ ਕੀਤੀ ਗਈ ਹੈ ਅਤੇ ਇਸ ਦੌਰਾਨ ਰਜਿਸਟਰੀਆਂ ਸਬੰਧੀ ਸਾਰਾ ਰਿਕਾਰਡ ਚੈੱਕ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਤਹਿਸੀਲ ਦਫ਼ਤਰ ਗੁਰਦਾਸਪੁਰ ਵਿੱਚ ਅੱਜ ਦੁਪਹਿਰ ਤੱਕ 6 ਰਜਿਸਟਰੀਆਂ ਕੀਤੀਆਂ ਗਈਆਂ ਸਨ ਅਤੇ ਅੱਜ ਹੀ ਉਹ ਰਜਿਸਟਰੀਆਂ ਆਨ-ਲਾਈਨ ਅੱਪਲੋਡ ਕਰ ਦਿੱਤੀਆਂ ਗਈਆਂ ਹਨ। ਇਸ ਮੌਕੇ ਰਜਿਸਟਰੀ ਕਰਵਾਉਣ ਆਏ ਲੋਕਾਂ ਨੇ ਆਪਣੀ ਤਸੱਲੀ ਜ਼ਾਹਰ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦੀ ਰਜਿਸਟਰੀ ਬਿਨਾਂ ਕੋਈ ਰਿਸ਼ਵਤ ਦਿੱਤੇ ਸਮੇਂ ਸਿਰ ਹੋ ਰਹੀ ਹੈ।



ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਤਹਿਸੀਲ ਦਫ਼ਤਰਾਂ ਵਿੱਚ ਕਿਸੇ ਕਿਸਮ ਦਾ ਭ੍ਰਿਸ਼ਟਾਚਾਰ ਜਾਂ ਖ਼ੱਜਲ-ਖੁਆਰੀ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਆਪਣਾ ਕੰਮ ਕਰਨ। ਵਧੀਕ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਰਜਿਸਟਰੀ ਕਰਵਾਉਣ ਆਉਣ ਤੋਂ ਪਹਿਲਾਂ ਆਪਣੇ ਸਾਰੇ ਲੋੜੀਂਦੇ ਕਾਗਜ਼-ਪੱਤਰ ਪੂਰੇ ਕਰਕੇ ਆਉਣ ਅਤੇ ਜੇਕਰ ਇਸਦੇ ਬਾਵਜੂਦ ਵੀ ਦਫ਼ਤਰ ਦਾ ਕੋਈ ਅਧਿਕਾਰੀ ਜਾਂ ਕਰਮਚਾਰੀ ਰਿਸ਼ਵਤ ਦੀ ਮੰਗ ਕਰਦਾ ਹੈ ਜਾਂ ਜਾਣਬੁੱਝ ਕੇ ਖ਼ੱਜਲ-ਖੁਆਰ ਕਰਦਾ ਹੈ ਤਾਂ ਇਸ ਦੀ ਸ਼ਿਕਾਇਤ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ ਜਾਂ ਸਬੰਧਿਤ ਤਹਿਸੀਲ ਦੇ ਐੱਸ.ਡੀ.ਐੱਮ. ਨੂੰ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਖ਼ੱਜਲ-ਖੁਆਰ ਕਰਨ ਵਾਲੇ ਕਿਸੇ ਵੀ ਅਧਿਕਾਰੀ/ਕਰਮਚਾਰੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸਦੇ ਨਾਲ ਹੀ ਉਨ੍ਹਾਂ ਤਹਿਸੀਲ ਦਫ਼ਤਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਦਫ਼ਤਰ ਆਏ ਹਰ ਵਿਅਕਤੀ ਦੀ ਮੁਸ਼ਕਲ ਨੂੰ ਸੁਣ ਕੇ ਉਸ ਦਾ ਬਣਦਾ ਹੱਲ ਕਰਨ। ਵਧੀਕ ਡਿਪਟੀ ਕਮਿਸ਼ਨਰ ਡਾ. ਬੇਦੀ ਨੇ ਕਿਹਾ ਕਿ ਤਹਿਸੀਲ ਦਫ਼ਤਰਾਂ ਦੀ ਇਹ ਚੈਕਿੰਗ ਭਵਿੱਖ ਵਿੱਚ ਵੀ ਜਾਰੀ ਰਹੇਗੀ।

# ਡਿਪਟੀ ਕਮਿਸ਼ਨਰ ਵੱਲੋਂ ਆਨਲਾਈਨ ਇਲੈਕਸ਼ਨ ਕੁਇੱਜ਼ 'ਚ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀ ਵਿਦਿਆਰਥਣ ਦਾ ਸਨਮਾਨ

ਜਲੰਧਰ, 24 ਫਰਵਰੀ : ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਪੰਜਾਬ ਇਲੈਕਸ਼ਨ ਕੁਇੱਜ਼-2025 ਸਬੰਧੀ ਕਰਵਾਏ ਗਏ ਆਨਲਾਈਨ ਮੁਕਾਬਲੇ ਵਿੱਚ ਜ਼ਿਲ੍ਹਾ ਜਲੰਧਰ 'ਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀ ਵਿਦਿਆਰਥਣ ਦਾ ਸਨਮਾਨ ਕੀਤਾ ਗਿਆ।



ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਨੇ ਏ.ਪੀ.ਜੇ. ਕਾਲਜ ਆਫ਼ ਫਾਈਨ ਆਰਟਸ ਦੀ ਵਿਦਿਆਰਥਣ ਪ੍ਰਗਤੀ ਨੂੰ ਮੁੱਖ ਚੋਣ ਦਫ਼ਤਰ, ਪੰਜਾਬ ਵੱਲੋਂ ਮੋਬਾਈਲ ਅਤੇ ਸਰਟੀਫਿਕੇਟ ਸੌਂਪਦਿਆਂ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ। ਉਨ੍ਹਾਂ ਵਿਦਿਆਰਥਣ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਭਵਿੱਖ ਵਿੱਚ ਵੀ ਸਫ਼ਲਤਾ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਉਨ੍ਹਾਂ ਕਿਹਾ ਕਿ ਵੋਟ ਪਾਉਣਾ ਨਾ ਸਿਰਫ਼ ਇੱਕ ਅਧਿਕਾਰ ਹੈ ਸਗੋਂ ਫਰਜ਼ ਵੀ ਹੈ। ਇਸ ਲਈ ਹਰੇਕ ਨਾਗਰਿਕ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਡਰ, ਭੈਅ ਤੋਂ ਨਿਰਪੱਖ ਹੋ ਕੇ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥਣ ਪ੍ਰਗਤੀ ਵਰਗੇ ਨੌਜਵਾਨਾਂ ਦਾ ਵੋਟਰ ਜਾਗਰੂਕਤਾ ਲਈ ਅੱਗੇ ਆਉਣਾ ਲੋਕਤੰਤਰ ਲਈ ਸ਼ੁਭ ਸ਼ਗਨ ਹੈ। ਉਨ੍ਹਾਂ ਨੌਜਵਾਨਾਂ ਨੂੰ ਆਪਣੀ ਵੋਟ ਬਣਾਉਣ, ਵੋਟ ਦੇ ਹੱਕ ਦਾ ਇਸਤੇਮਾਲ ਕਰਨ ਅਤੇ ਵੋਟਰ ਜਾਗਰੂਕਤਾ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

ਜ਼ਿਕਰਯੋਗ ਹੈ ਕਿ ਵੋਟ ਦੀ ਮਹੱਤਤਾ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੇ ਮੰਤਵ ਨਾਲ ਮੁੱਖ ਚੋਣ ਦਫ਼ਤਰ, ਪੰਜਾਬ ਵੱਲੋਂ 15ਵੇਂ ਕੌਮੀ ਵੋਟਰ ਦਿਵਸ ਨੂੰ ਸਮਰਪਿਤ 19 ਜਨਵਰੀ 2025 ਨੂੰ ਆਨਲਾਈਨ ਇਲੈਕਸ਼ਨ ਕੁਇੱਜ਼ ਕਰਵਾਏ ਗਏ ਸਨ।

ਇਸ ਮੌਕੇ ਚੋਣ ਕਾਨੂੰਨਗੋ ਰਾਕੇਸ਼ ਕੁਮਾਰ ਤੇ ਰਮਨਦੀਪ ਕੌਰ, ਸਵੀਪ ਨੋਡਲ ਅਫ਼ਸਰ ਸੁਰਜੀਤ ਲਾਲ ਆਦਿ ਵੀ ਮੌਜੂਦ ਸਨ।

# *ਸੀਆਈਏ ਸਟਾਫ ਜਲੰਧਰ ਦਿਹਾਤੀ ਵਲੋਂ 150 ਗ੍ਰਾਮ ਹੈਰੋਇਨ ਸਮੇਤ ਇਕ ਕਾਬੂ*

ਜਲੰਧਰ 24 ਫਰਵਰੀ :
ਸੀਆਈਏ ਸਟਾਫ ਜਲੰਧਰ ਦਿਹਾਤੀ ਨੇ 150 ਗ੍ਰਾਮ ਹੈਰੋਇਨ ਸਮੇਤ ਇੱਕ ਨਸ਼ਾ ਤਸਕਰ ਨੂੰ ਗ੍ਰਿਫਤਾਰ ਕੀਤਾ ਹੈ।

ਫੜੇ ਗਏ ਵਿਅਕਤੀ ਦੀ ਪਛਾਣ ਸੂਰਜ ਸ਼ਰਮਾ ਪੁੱਤਰ ਅਸ਼ਵਨੀ ਸ਼ਰਮਾ ਵਾਸੀ ਪਿੰਡ ਅਲਾਚੌਰ ਵਜੋਂ ਹੋਈ ਹੈ, ਜੋ ਗੁਪਤ ਤੌਰ ਤੇ ਨਸ਼ੀਲੇ ਪਦਾਰਥਾਂ ਦੀ ਵੰਡ ਦਾ ਨੈੱਟਵਰਕ ਚਲਾਉਂਦਾ ਹੋਇਆ ਇੱਕ ਵਿਆਹ ਦੇ ਬੈਂਡ ਸਮੂਹ ਨਾਲ ਕੰਮ ਕਰਦਾ ਸੀ।ਐਸ.ਐਸ.ਪੀ. ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇੰਸਪੈਕਟਰ ਪੁਸ਼ਪ ਬਾਲੀ ਇੰਚਾਰਜ ਸੀਆਈਏ ਸਟਾਫ ਨੂੰ ਪਤਾਰਾ ਖੇਤਰ ਵਿੱਚ ਨਸ਼ੀਲੇ ਪਦਾਰਥਾਂ ਦੀ ਆਵਾਜਾਈ ਬਾਰੇ ਸੂਚਨਾ ਮਿਲਣ ਉਪਰੰਤ ਐਸਪੀ (ਜਾਂਚ) ਜਸਰੂਪ ਕੌਰ ਅਤੇ ਡੀਐਸਪੀ ਸਰਵਨਜੀਤ ਸਿੰਘ ਦੀ ਅਗਵਾਈ ਹੇਠ ਐਸਆਈ ਨਿਰਮਲ ਸਿੰਘ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਟੀਮ ਗਠਿਤ ਕੀਤੀ ਗਈ।



ਉਨ੍ਹਾਂ ਦੱਸਿਆ ਕਿ ਪੁਲਿਸ ਟੀਮ ਨੇ ਤਲਹਣ ਸਾਹਿਬ ਗੇਟ ਦੇ ਲਗਭਗ 100 ਮੀਟਰ ਪਿੱਛੇ ਇਕ ਵਿਅਕਤੀ ਨੂੰ ਰੋਕਿਆ, ਜਿਸ ਦੌਰਾਨ ਇਸ ਕੋਲੋਂ ਇੱਕ ਮੋਮ-ਸੀਲਬੰਦ ਲਿਫਾਫੇ ਵਿੱਚ ਛੁਪਾਈ ਗਈ 150 ਗ੍ਰਾਮ ਉੱਚ ਗ੍ਰੇਡ ਹੈਰੋਇਨ ਬਰਾਮਦ ਹੋਈ।

ਉਨ੍ਹਾਂ ਦੱਸਿਆ ਕਿ ਸ਼ੁਰੂਆਤੀ ਪੁਛਗਿੱਛ ਦੌਰਾਨ ਫੜੇ ਗਏ ਇਸ ਵਿਅਕਤੀ ਨੇ ਨਵਾਂਸ਼ਹਿਰ ਤੋਂ ਜਲੰਧਰ ਦੇ ਵੱਖ-ਵੱਖ ਇਲਾਕਿਆਂ ਵਿੱਚ ਹੈਰੋਇਨ ਸਪਲਾਈ ਕਰਨ ਦੇ ਆਪਣੇ ਨੈੱਟਵਰਕ ਦਾ ਖੁਲਾਸਾ ਕੀਤਾ ਹੈ।

ਐਸਐਸਪੀ ਖੱਖ ਨੇ ਅੱਗੇ ਕਿਹਾ ਕਿ ਪੂਰੀ ਡਰੱਗ ਸਪਲਾਈ ਚੇਨ ਦਾ ਪਰਦਾਫਾਸ਼ ਕਰਨ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਥਾਣਾ ਪਤਾਰਾ ਵਿਖੇ ਧਾਰਾ 212-61-85 ©4♦♥ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਹੋਰ ਜਾਂਚ ਲਈ ਇਸਨੂੰ ਪੁਲਿਸ ਰਿਮਾਂਡ ਲਈ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

ਐਸ.ਐਸ.ਪੀ. ਖੱਖ ਨੇ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਪੁਲਿਸ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਅਪੀਲ ਕੀਤੀ ਕਿ ਨਾਗਰਿਕਾਂ ਨੂੰ ਨਸ਼ਾ ਤਸਕਰੀ ਗਤੀਵਿਧੀਆਂ ਬਾਰੇ ਤੁਰੰਤ ਸੂਚਨਾ ਦੇਣੀ ਚਾਹੀਦੀ ਹੈ। ਸੂਚਨਾ ਦੇਣ ਵਾਲਿਆਂ ਦੀ ਪੂਰੀ ਜਾਣਕਾਰੀ ਗੁਪਤ ਰੱਖੀ ਜਾਵੇਗੀ।

# ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ; ਡਿਪਟੀ ਕਮਿਸ਼ਨਰ ਨੇ ਸਬ ਰਜਿਸਟਰਾਰ ਦਫ਼ਤਰ ਦੀ ਕੀਤੀ ਅਚਨਚੇਤ ਚੈਕਿੰਗ



ਜਲੰਧਰ, (ਲੋਕ ਬਾਣੀ) : ਪੰਜਾਬ ਸਰਕਾਰ ਵਲੋਂ ਭ੍ਰਿਸ਼ਟਾਚਾਰ ਵਿਰੋਧੀ ਵਿੱਢੀ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਅੱਜ ਜ਼ਮੀਨ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਜਾਇਜ਼ਾ ਲੈਣ ਅਤੇ ਨਿਰਵਿਘਨ ਪ੍ਰਾਪਰਟੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਸਬ ਰਜਿਸਟਰਾਰ ਦਫ਼ਤਰ ਜਲੰਧਰ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਤੋਂ ਇਲਾਵਾ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਤੇ ਐਸ.ਡੀ.ਐਮਜ਼. ਵਲੋਂ ਵੀ ਸਬੰਧਿਤ ਤਹਿਸੀਲਾਂ ਦੀ ਚੈਕਿੰਗ ਕੀਤੀ ਗਈ।

ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਖਿਲਾਫ਼ ਜ਼ੀਰੋ ਟੌਲਰੈਂਸ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਸਬ ਰਜਿਸਟਰਾਰਾਂ ਨੂੰ ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਮਾਮਲਿਆਂ ਵਿੱਚ ਪੂਰੀ ਪਾਰਦਰਸ਼ਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ ਖਿਲਾਫ਼ ਪਹਿਲਾਂ ਹੀ ਜੰਗ ਵਿੱਢੀ ਹੋਈ ਹੈ, ਇਸ ਲਈ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਤਹਿਸੀਲਾਂ ਵਿੱਚ ਜਾਇਦਾਦ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਬਿਨੈਕਾਰਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਡਾ.ਅਗਰਵਾਲ ਨੇ ਸਬ ਰਜਿਸਟਰਾਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜਾਇਦਾਦ ਦੀ ਰਜਿਸਟ੍ਰੇਸ਼ਨ ਲਈ ਆਉਣ ਵਾਲੇ ਲੋਕਾਂ ਨੂੰ ਦਫ਼ਤਰਾਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣੀ ਚਾਹੀਦੀ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਰਜਿਸਟ੍ਰੇਸ਼ਨ ਦੀ ਪੂਰੀ ਪ੍ਰਕਿਰਿਆ ਹੁਣ ਆਨਲਾਈਨ ਅਪਾਇੰਟਮੈਂਟ-ਅਧਾਰਤ ਪ੍ਰਣਾਲੀ ਰਾਹੀਂ ਸੰਚਾਲਿਤ ਕੀਤੀ ਜਾਂਦੀ ਹੈ, ਜਿਸ ਸਦਕਾ ਬਿਨੈਕਾਰਾਂ ਲਈ ਉਡੀਕ ਸਮੇਂ ਵਿੱਚ ਕਮੀ ਆਈ ਹੈ।ਰਜਿਸਟ੍ਰੇਸ਼ਨ ਸੇਵਾ ਨੂੰ ਹੋਰ ਬਿਹਤਰ ਬਣਾਉਣ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਵੱਲੋਂ ਇਸ ਪ੍ਰਕਿਰਿਆ ਸਬੰਧੀ ਫੀਡਬੈਕ ਇਕੱਤਰ ਕਰਨ ਲਈ ਲੋਕਾਂ ਨਾਲ ਗੱਲਬਾਤ ਵੀ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਰਜਿਸਟ੍ਰੇਸ਼ਨ ਲਈ ਆਉਣ ਵਾਲੇ ਲੋਕਾਂ ਲਈ ਬੈਠਣ ਦੇ ਢੁੱਕਵੇਂ ਪ੍ਰਬੰਧ, ਪੀਣ ਵਾਲੇ ਪਾਣੀ ਦੀ ਉਪਲਬਧਤਾ ਅਤੇ ਆਰਾਮਦਾਇਕ ਵੇਟਿੰਗ ਏਰੀਏ ਦਾ ਪ੍ਰਬੰਧ ਕਰਨ ਦੀ ਹਦਾਇਤ ਵੀ ਕੀਤੀ। ਉਨ੍ਹਾਂ ਲੋਕਾਂ ਨੂੰ ਜ਼ਮੀਨ ਦੀ ਰਜਿਸਟਰੀ ਸਬੰਧੀ ਆਪਣੇ ਤਜ਼ਰਬੇ ਅਤੇ ਦਿੱਕਤਾਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਸਾਂਝਾ ਕਰਨ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾ ਸਕੇ।

ਇਸ ਦੌਰਾਨ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਤੇ ਐਸ.ਡੀ.ਐਮ.-1 ਰਣਦੀਪ ਸਿੰਘ ਹੀਰ, ਐਸ.ਡੀ.ਐਮ.-2 ਬਲਬੀਰ ਰਾਜ ਸਿੰਘ, ਐਸ.ਡੀ.ਐਮ. ਆਦਮਪੁਰ ਵਿਵੇਕ ਮੋਦੀ, ਐਸ.ਡੀ.ਐਮ. ਫਿਲੌਰ ਅਮਨਪਾਲ ਸਿੰਘ, ਐਸ.ਡੀ.ਐਮ. ਸ਼ਾਹਕੋਟ ਸ਼ੁਭੀ ਆਂਗਰਾ, ਐਸ.ਡੀ.ਐਮ. ਨਕੋਦਰ ਲਾਲ ਵਿਸ਼ਵਾਸ ਬੈਂਸ ਵੱਲੋਂ ਵੀ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਤਹਿਸੀਲਾਂ ਵਿੱਚ ਅਚਨਚੇਤ ਚੈਕਿੰਗ ਕੀਤੀ ਗਈ।

# ਕੀ ਮਾਇਰਾ ਦੀ ਸੱਟ ਨਵਾਂ ਮੋੜ ਵਿੱਚ ਇੱਕ ਨਵਾਂ ਮੋੜ ਲਿਆਵੇਗੀ ?




(ਲੋਕ ਬਾਣੀ)ਨਵਾਂ ਮੋੜ ਦੇ ਪਿਛਲੇ ਐਪੀਸੋਡ ਵਿੱਚ, ਮਾਇਰਾ ਘਰੋਂ ਭੱਜ ਗਈ ਅਤੇ ਆਪਣੇ ਆਪ ਨੂੰ ਡੂੰਘੀ ਮੁਸੀਬਤ ਵਿੱਚ ਪਾ ਦਿੱਤਾ। ਪੂਰਾ ਪਰਿਵਾਰ ਉਸਦੇ ਲਾਪਤਾ ਹੋਣ ਬਾਰੇ ਜਾਣਦਾ ਸੀ, ਪਰ ਉਸਨੂੰ ਲੱਭਣ ਤੋਂ ਪਹਿਲਾਂ, ਇੱਕ ਵੱਡਾ ਖ਼ਤਰਾ ਉਸਦੀ ਉਡੀਕ ਰਿਹਾ ਸੀ - ਉਸਨੂੰ ਅਗਵਾ ਕਰ ਲਿਆ ਗਿਆ!

ਅੱਜ ਦੇ ਐਪੀਸੋਡ ਵਿੱਚ, ਦਰਸ਼ਕ ਘਟਨਾਵਾਂ ਦੇ ਇੱਕ ਤੀਬਰ ਮੋੜ ਦੇ ਗਵਾਹ ਹੋਣਗੇ ਕਿਉਂਕਿ ਰਿਧੀ ਬਹਾਦਰੀ ਨਾਲ ਮਾਇਰਾ ਨੂੰ ਗੁੰਡਿਆਂ ਦੇ ਚੁੰਗਲ ਤੋਂ ਬਚਾਉਂਦੀ ਹੈ। ਹਾਲਾਂਕਿ, ਖ਼ਤਰਾ ਇੱਥੇ ਹੀ ਖਤਮ ਨਹੀਂ ਹੁੰਦਾ। ਅੰਗਦ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ, ਮਾਇਰਾ ਝਗੜੇ ਵਿੱਚ ਜ਼ਖਮੀ ਹੋ ਜਾਂਦੀ ਹੈ ਅਤੇ ਉਸਨੂੰ ਹਸਪਤਾਲ ਲਿਜਾਇਆ ਜਾਂਦਾ ਹੈ।

ਕੀ ਮਾਇਰਾ ਜਲਦੀ ਠੀਕ ਹੋ ਜਾਵੇਗੀ? ਇਸ ਘਟਨਾ ਦਾ ਪਰਿਵਾਰ ਤੇ ਕੀ ਪ੍ਰਭਾਵ ਪਵੇਗਾ? ਨਵਾਂ ਮੋੜ ਵਿੱਚ ਹਰ ਸੋਮਵਾਰ-ਸ਼ਨੀਵਾਰ ਸ਼ਾਮ 7:00 ਵਜੇ ਸਿਰਫ਼ ਜ਼ੀ ਪੰਜਾਬੀ ਤੇ ਭਾਵਨਾਤਮਕ ਅਤੇ ਐਕਸ਼ਨ ਨਾਲ ਭਰਪੂਰ ਡਰਾਮਾ ਦੇਖਣ ਨੂੰ ਨਾ ਭੁੱਲੋ!

# ਖੇਡ ਮੇਲੇ ਵੱਡੇ ਪੱਧਰ ਤੇ ਕਰਵਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਰਵਾਇਆ ਪੰਜਾਬ ਵਿੱਚ ਢੁਕਵਾਂ ਮਾਹੌਲ ਉਪਲਬਧ - ਕੁਲਵੰਤ ਸਿੰਘ

ਮੋਹਾਲੀ, (ਲੋਕ ਬਾਣੀ)-ਸ਼ਹੀਦ ਭਗਤ ਸਿੰਘ ਸਪੋਰਟਸ ਅਤੇ ਵੈਲਫੇਅਰ ਕਲੱਬ ਮੋਹਾਲੀ ਦੀ ਤਰਫੋਂ 6ਵਾਂ ਕਬੱਡੀ ਕੱਪ ਸੈਕਟਰ -79 ਨੇੜੇ ਐਮਟੀ ਸਕੂਲ ਮੋਹਾਲੀ ਵਿਖੇ ਕਰਵਾਇਆ ਜਾ ਰਿਹਾ ਹੈ। 25-26 ਫਰਵਰੀ 2025 ਨੂੰ ਕਰਵਾਏ ਜਾ ਰਹੇ ਇਸ ਕਬੱਡੀ ਕੱਪ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ -ਕਬੱਡੀ ਕੋਚ ਅਤੇ ਸਰਪ੍ਰਸਤ -ਹਰਮੇਸ਼ ਸਿੰਘ ਕੁੰਬੜਾ ਨੇ ਦੱਸਿਆ ਕਿ ਰਜਿੰਦਰ ਸਿੰਘ, ਤੇਜਿੰਦਰ ਸਿੰਘ, ਗੁਰਮਿੰਦਰ ਸਿੰਘ, ਅਮਰਿੰਦਰ ਸਿੰਘ, ਅਤੇ ਸਮੂਹ ਵੈਦਵਾਨ ਪਰਿਵਾਰ ਵੱਲੋਂ ਸਵਰਗੀ ਮਾਤਾ ਕੁਲਵੰਤ ਕੌਰ ਜੀ ਦੀ ਯਾਦ ਵਿੱਚ ਇੱਕ ਲੱਖ 50 ਹਜਾਰ ਰੁਪਏ ਦਾ ਯੋਗਦਾਨ ਜਦਕਿ ਸਰਦਾਰ ਸਰਤਾਜ ਸਿੰਘ ਗਿੱਲ ਐਡਵੋਕੇਟ ਅਤੇ ਸਮੂਹ ਪਰਿਵਾਰ ਵੱਲੋਂ ਸਵਰਗੀ ਸੁਖਦੇਵ ਸਿੰਘ ਗਿੱਲ ਜੀ ਦੀ ਯਾਦ ਵਿੱਚ ਕਬੱਡੀ ਕੱਪ ਲਈ ਇਕ ਲੱਖ ਰੁਪਏ ਦਾ ਯੋਗਦਾਨ ਦਿੱਤਾ ਗਿਆ ਹੈ।

ਇਸ 6ਵੇਂ ਕਬੱਡੀ ਕੱਪ ਦਾ ਪੋਸਟਰ ਵਿਧਾਇਕ ਕੁਲਵੰਤ ਸਿੰਘ ਹੋਰਾਂ ਵੱਲੋਂ ਜਾਰੀ ਕੀਤਾ ਗਿਆ ਅਤੇ ਕਬੱਡੀ ਕੱਪ ਕਰਵਾਏ ਜਾਣ ਲਈ ਕਲੱਬ ਦੇ ਸਮੂਹ ਪ੍ਰਬੰਧਕ ਮੈਂਬਰਾਂ ਨੂੰ ਸ਼ੁਭਕਾਮਨਾਵਾਂ ਭੇਂਟ ਕੀਤੀਆਂ ਗਈਆਂ, ਸਵਰਗੀ ਪੰਮਾ ਸੁਹਾਣਾ ਦੀ ਯਾਦ ਵਿੱਚ ਕਰਵਾਏ ਜਾ ਰਹੇ ਇਸ 6ਵੇਂ ਕਬੱਡੀ ਕੱਪ ਸੰਬੰਧੀ ਗੱਲ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸਮੁੱਚੇ ਪੰਜਾਬ ਦੇ ਵਿੱਚ ਖਿਡਾਰੀਆਂ ਦੇ ਲਈ ਢੁਕਵਾ ਉਪਲਬਧ ਕਰਵਾਇਆ ਗਿਆ ਹੈ, ਜਿਸ ਦੇ ਚਲਦਿਆਂ ਪੰਜਾਬ ਭਰ ਵਿੱਚ ਲਗਾਤਾਰ ਖੇਡ ਕਲੱਬਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਵੱਲੋਂ ਆਪੋ- ਆਪਣੇ ਏਰੀਏ ਵਿੱਚ ਟੂਰਨਾਮੈਂਟ ਕਰਵਾਏ ਜਾ ਰਹੇ ਹਨ, ਉਹਨਾਂ ਕਿਹਾ ਕਿ ਇਸੇ ਤਰ੍ਹਾਂ ਖਿਡਾਰੀ ਪੰਮਾ ਸੁਹਾਣਾ ਦੀ ਯਾਦ ਵਿੱਚ ਕਰਵਾਏ ਜਾ ਰਹੇ ਕਬੱਡੀ ਕੱਪ ਨੂੰ ਲੈ ਕੇ ਪ੍ਰਬੰਧਕਾਂ ਵੱਲੋਂ ਜਿਸ ਤਰ੍ਹਾਂ ਤਿਆਰੀਆਂ ਕੀਤੀਆਂ ਗਈਆਂ ਹਨ, ਖੇਡ ਕਲੱਬ ਦੇ ਇਸ ਉਦਮ ਨਾਲ ਹੋਰਨਾਂ ਖੇਡ ਪ੍ਰਬੰਧਕਾਂ ਨੂੰ ਵੀ ਅਜਿਹੇ ਖੇਡ ਮੇਲੇ ਵੱਡੇ ਪੱਧਰ ਤੇ ਕਰਵਾਉਣ ਲਈ ਪ੍ਰੇਰਨਾ ਮਿਲੇਗੀ, ਇਸ ਮੌਕੇ ਤੇ ਹਰਮੇਸ਼ ਸਿੰਘ



ਕੁੰਬੜਾ-ਸਰਪ੍ਰਸਤ ਤੋਂ ਇਲਾਵਾ ਕੁਲਵੀਰ ਸਿੰਘ ਮਨੌਲੀ ,ਮਾਸਟਰ ਭੁਪਿੰਦਰ ਸਿੰਘ ਭਿੰਦਾ, ਮੱਖਣ ਸਿੰਘ ਕਜਹੇੜੀ, ਅਵਤਾਰ ਸਿੰਘ ਮੌਲੀ, ਗੱਬਰ, ਮਨੌਲੀ ਮਿੱਠੂ ਮਨੌਲੀ, ਮਾਸਟਰ ਹਰਬੰਸ ਸਿੰਘ, ਮਾਸਟਰ ਬਲਰਾਜ ਸਿੰਘ, ਹਰਜੋਤ ਸਿੰਘ, ਗੁਰਸੇਵਕ ਸਿੰਘ, ਮਿੱਠੂ, ਗੁਰਮੀਤ ਸਿੰਘ ਵੀ ਹਾਜ਼ਰ ਸਨ,

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com